ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਸਾਂਝੀ ਸੋਚ
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7
LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2336 | 6 January, 2026 Tuesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260

# ਅਮਰੀਕੀ ਉਪ ਰਾਸ਼ਟਰਪਤੀ ਜੇ.ਡੀ. ਵੈਂਸ ਦੇ ਘਰ 'ਤੇ ਹਮਲਾ



**ਸਿਨਸਿਨਾਟੀ ਸਾਂਝੀ ਸੋਚ ਬਿਊਰੋ**

ਅਮਰੀਕੀ ਉਪ ਰਾਸ਼ਟਰਪਤੀ ਜੇ.ਡੀ. ਵੈਂਸ ਦੇ ਸਿਨਸਿਨਾਟੀ, ਓਹੀਓ ਵਿੱਚ ਸਥਿਤ ਘਰ 'ਤੇ ਹਮਲਾ ਹੋਣ ਦੀ ਖਬਰ ਸਾਹਮਣੇ ਆਈ ਹੈ। ਸੀ.ਐਨ.ਐਨ. ਨੇ ਸੂਤਰਾਂ ਦਾ ਹਵਾਲਾ ਦਿੰਦੇ ਹੋਏ ਦੱਸਿਆ ਕਿ ਘਰ ਦੀਆਂ ਖਿੜਕੀਆਂ ਟੁੱਟ ਗਈਆਂ ਹਨ। ਪੁਲਿਸ ਨੇ ਇੱਕ ਸ਼ੱਕੀ ਨੂੰ ਹਿਰਾਸਤ ਵਿੱਚ ਲਿਆ ਹੈ। ਐਤਵਾਰ ਨੂੰ ਸਵੇਰੇ 12:15 ਵਜੇ ਵੈਂਸ ਦੇ ਘਰ ਦੇ ਨੇੜੇ ਕਿਸੇ ਨੂੰ ਭੱਜਦੇ ਦੇਖਿਆ ਗਿਆ ਸੀ। ਅਧਿਕਾਰੀਆਂ ਦੇ ਅਨੁਸਾਰ, ਘਟਨਾ ਸਮੇਂ ਜੇ.ਡੀ. ਵੈਂਸ ਅਤੇ ਉਸਦਾ ਪਰਿਵਾਰ ਘਰ 'ਚ ਨਹੀਂ ਸਨ। ਸ਼ੁਰੂਆਤੀ ਜਾਣਕਾਰੀ ਅਨੁਸਾਰ ਹਿਰਾਸਤ ਵਿੱਚ ਲਿਆ ਗਿਆ ਵਿਅਕਤੀ ਉਪ ਰਾਸ਼ਟਰਪਤੀ ਦੇ ਘਰ ਵਿੱਚ ਸਫਲਤਾਪੂਰਵਕ ਦਾਖਲ ਨਹੀਂ ਹੋ ਸਕਿਆ। ਜਾਂਚ ਏਜੰਸੀਆਂ ਇਹ ਨਿਰਧਾਰਤ ਕਰਨ ਦੀ ਕੋਸ਼ਿਸ਼ ਕਰ ਰਹੀਆਂ ਹਨ ਕਿ ਕੀ ਹਮਲਾ ਜਾਣਬੁੱਝ ਕੇ ਜੇ.ਡੀ. ਵੈਂਸ ਜਾਂ ਉਸਦੇ ਪਰਿਵਾਰ 'ਤੇ ਕੀਤਾ ਗਿਆ ਸੀ ਜਾਂ ਕੋਈ ਹੋਰ ਇਰਾਦਾ ਸੀ। ਹਮਲੇ ਬਾਰੇ, ਵੈਂਸ ਨੇ ਸੋਸ਼ਲ ਮੀਡੀਆ 'ਤੇ ਲਿਖਿਆ, "ਮੈਂ ਆਪਣੇ ਘਰ ਦੀ ਘਟਨਾ ਬਾਰੇ ਚਿੰਤਾ ਕਰਨ ਲਈ ਸਾਰਿਆਂ ਦਾ ਧੰਨਵਾਦ ਕਰਦਾ ਹਾਂ। ਹੁਣ ਤੱਕ ਉਪਲਬਧ ਜਾਣਕਾਰੀ ਦੇ ਅਨੁਸਾਰ, ਇੱਕ ਮਾਨਸਿਕ ਤੌਰ 'ਤੇ ਅਸਥਿਰ ਵਿਅਕਤੀ ਨੇ ਸਾਡੇ ਘਰ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਅਤੇ ਖਿੜਕੀਆਂ ਨੂੰ ਤੋੜਨ ਲਈ ਹਥੌੜੇ ਦੀ ਵਰਤੋਂ ਕੀਤੀ।"

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor® CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality
Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਸਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Anthem
Covered California | Certified Insurance Agent
Inderjeet Singh Mann
CA Lic# 0H82488
Ph.: (916) 900-2000

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



Apply online at www.lendingassets.com and check out the live lowest rates on our website


OPEN
OPEN
NOW HIRING
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ SANJHI SOCH swzJI soc

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਪੰਜਾਬ ਵਿੱਚ ਰਸਾਇਣਾ ਦੀ ਵਰਤੋਂ ਨੂੰ ਘਟਾਉਣਾ ਕਿੰਨਾ ਜਰੂਰੀ ਹੈ?

ਜਲਵਾਯੂ ਵਿੱਚ ਤਬਦੀਲੀ ਅਤੇ ਵਾਤਾਵਰਣ ਵਿੱਚ ਗਿਰਾਵਟ ਹਨ ਜਿਸ ਸਬੰਧੀ ਯੂ ਐਨ ਓ ਵੀ ਗੰਭੀਰ ਹੈ ਅਤੇ ਉਸਦੀ ਸਰਪ੍ਰਸਤੀ ਅਧੀਨ ਅੰਤਰਰਾਸ਼ਟਰੀ ਜਲਵਾਯੂ ਦੀ ਤਬਦੀਲਾਂ ਦਾ ਪੈਨਲ ਸਮੇਂ ਸਮੇਂ ਤੇ ਹੋਣ ਵਾਲੀਆਂ ਵਾਤਾਵਰਨ ਦੀਆਂ ਤਬਦੀਲੀਆਂ ਬਾਰੇ ਵੱਖ-ਵੱਖ ਦੇਸ਼ਾਂ ਵਿੱਚ ਮੀਟਿੰਗ ਕਰਕੇ ਸਰਕਾਰਾਂ, ਸਮਾਜ ਸੇਵੀ ਸੰਸਥਾਵਾਂ, ਗੈਰ ਸਰਕਾਰੀ ਸੰਸਥਾਵਾਂ ਅਤੇ ਆਮ ਜਨਤਾ ਨੂੰ ਚੇਤਨ ਕਰਦਾ ਰਹਿੰਦਾ ਹੈ। ਭਾਵੇਂ ਕਿ ਜਲਵਾਯੂ ਦੀ ਤਬਦੀਲੀ ਅਤੇ ਵਾਤਾਵਰਣ ਦੀ ਗਿਰਾਵਟ ਤੋਂ ਬਾਹਰ ਹੈ ਪਰ ਇਹ ਸਮੱਸਿਆਵਾਂ ਦੁਨੀਆਂ ਭਰ ਵਿੱਚ ਕੁਦਰਤ ਨਾਲ ਛੇੜਛਾੜ ਕਰਨ ਕੇ ਪੈਦਾ ਹੋਈਆਂ ਹਨ ਜਿਸ ਵਿੱਚ ਵੱਡਾ ਕਾਰਨ ਵਸੋ ਦਾ ਸਾਧਨਾ ਤੋਂ ਬਹੁਤ ਜਿਆਦਾ ਹੋਣਾ ਹੈ। ਪਰ ਇਹ ਗਿਰਾਵਟ ਲਗਾਤਾਰ ਚੱਲਣ ਵਾਲੇ ਵਿਕਾਸ ਵਿੱਚ ਵੱਡੀ ਰੁਕਾਵਟ ਬਣ ਰਹੀ ਹੈ 2019 ਦੇ ਸਾਲ ਵਿੱਚ ਇੱਕ ਤਰਫ ਰਿਕਾਰਡ ਦੀ ਗਰਮੀ ਅਤੇ ਦੂਸਰੇ ਪਾਸੇ ਰਿਕਾਰਡ ਦੀ ਸਰਦੀ ਸਿਰਫ ਭਾਰਤ ਵਿੱਚ ਹੀ ਨਹੀਂ ਜਿੱਥੇ ਵਸੋ ਦਾ ਵੱਡਾ ਅਸੰਤੁਲਨ ਹੈ ਸਗੋਂ ਆਸਟਰੇਲੀਆ ਵਿੱਚ ਵੀ ਗਰਮੀ ਅਤੇ ਸਰਦੀ ਆਮ ਤੋਂ ਜਿਆਦਾ ਸੀ ਭਾਵੇਂ ਆਸਟਰੇਲੀਆ ਦੀ ਵਸੋਂ ਸਾਧਨਾ ਦੇ ਮੁਕਾਬਲੇ ਤੇ ਬਹੁਤ ਘੱਟ ਹੈ ਵਾਤਾਵਰਨ ਦੀ ਗਿਰਾਵਟ ਦੀਆਂ ਸਮੱਸਿਆਵਾਂ ਹਰ ਦੇਸ਼ ਵਿੱਚ ਹਨ ਅਤੇ ਉਹਨਾਂ ਵਿੱਚ ਉਥੋਂ ਦੀਆਂ ਹਾਲਤਾਂ ਕਾਰਨ ਥੋੜਾ ਬਹੁਤ ਫਰਕ ਜਰੂਰ ਹੈ।

ਪੰਜਾਬ ਭਾਵੇਂ ਭਾਰਤ ਦਾ ਵੱਡਾ ਅੰਨ ਭੰਡਾਰ ਹੈ ਜਿਸ ਨੇ ਆਪਣੇ ਸਿਰਫ 1.5 ਫੀਸਦੀ ਖੇਤਰ ਨਾਲ ਭਾਰਤ ਦੇ ਅਨਾਜ ਭੰਡਾਰਾਂ ਵਿੱਚ ਤਕਰੀਬਨ 60 ਫੀਸਦੀ ਦਾ ਹਿੱਸਾ ਪਾਉਂਦਾ ਰਿਹਾ ਹੈ ਜਿਹੜਾ ਇਸਨੇ ਵਾਤਾਵਰਨ ਦੀ ਵੱਡੀ ਗਿਰਾਵਟ ਦੀ ਲਾਗਤ ਤੇ ਪ੍ਰਾਪਤ ਕੀਤਾ ਹੈ ਜਿਸ ਵਿੱਚ ਫਿਰ ਘੱਟ ਧਰਤੀ ਤੋਂ ਵੱਧ ਤੋਂ ਵੱਧ ਉਪਜ ਲੈਣ ਦੀ ਕੋਸ਼ਿਸ਼ ਹੀ ਇਸ ਦਾ ਵੱਡਾ ਕਾਰਨ ਹੈ। 1960 ਤੋਂ ਪਹਿਲਾਂ ਵਾਲੀ ਪੰਜਾਬ ਖੇਤੀ ਅਤੇ ਹੁਣ ਵਾਲੀ ਖੇਤੀ ਵਿੱਚ ਬਹੁਤ ਵੱਡਾ ਫਰਕ ਹੈ 1966 ਤੋਂ ਪਹਿਲਾਂ ਸਿੰਜਾਈ ਦਾ ਮੁੱਖ ਸਾਧਨ ਖੂਹ ਸਨ ਜਾਂ ਨਹਿਰਾਂ ਸਨ ਉਦੋਂ ਟਿਊਬਵੈਲ ਬਹੁਤ ਘੱਟ ਸਨ ਜਿਸ ਦਾ ਵੱਡਾ ਕਾਰਨ ਬਿਜਲੀ ਪੂਰਤੀ ਦੀ ਕਮੀ ਸੀ। ਰਸਾਇਣਿਕ ਖਾਦਾਂ ਨੂੰ ਪਾਉਣ ਦੀ ਖੇਤੀ ਵਿਭਾਗ ਵੱਲੋਂ ਪ੍ਰੇਰਨਾ ਦਿੱਤੀ ਜਾਂਦੀ ਸੀ ਪਰ ਕਿਸਾਨ ਰਸਾਇਣਾ ਇਸ ਕਰਕੇ ਨਹੀਂ ਸਨ ਪਾਉਂਦੇ ਕਿ ਪਾਣੀ ਜਾਂ ਸਿੰਜਾਈ ਦੀ ਕਮੀ ਸੀ। ਕਿਉਂ ਜੋ ਇਹਨਾਂ ਰਸਾਇਣਾਂ ਦੀ ਪਹਿਲੀ ਸ਼ਰਤ ਹੈ ਕਿ ਪਾਣੀ ਦੀ ਪੂਰਤੀ ਕਾਫੀ ਜਿਆਦਾ ਹੋਵੇ 1960 ਤੋਂ ਬਾਅਦ ਜਿਉਂ ਜਿਉਂ ਬਿਜਲੀ ਦੀ ਪੂਰਤੀ ਵਧਣ ਲੱਗੀ ਟਿਊਬ ਵੈਲਾਂ ਦੀ ਗਿਣਤੀ ਵੱਧਦੀ ਗਈ 1960 ਵਿੱਚ ਪੰਜਾਬ ਵਿੱਚ ਕੁੱਲ 5 ਹਜਾਰ ਟਿਊਬਵੈੱਲ ਸਨ ਜਿਹੜੇ ਵੱਧਦੇ ਵੱਧਦੇ ਹੁਣ 14 ਲੱਖ ਤੋਂ ਵੀ ਉੱਪਰ ਹੋ ਗਏ ਹਨ। ਇਹ ਟਿਊਬਵੈਲ ਲਗਾਤਾਰ ਧਰਤੀ ਦੇ ਹੇਠੋਂ ਇਨਾ ਪਾਣੀ ਕੱਟ ਚੁੱਕੇ ਹਨ ਜਿੰਨਾ ਬਾਰਿਸ਼ ਨਾਲ ਆਪਣੇ ਆਪ ਪੂਰਾ ਨਹੀਂ ਹੋ ਸਕਿਆ ਜਿਸ ਕਰਕੇ ਹੋਰ ਕਈ ਮੁਸ਼ਕਲਾਂ ਆ ਗਈਆਂ ਹਨ। ਜਿੰਨਾਂ ਵਿੱਚ ਪੰਜਾਬ ਦੇ 138 ਬਲਾਕਾਂ ਵਿੱਚੋਂ ਜਿਆਦਾ ਵਿੱਚ ਪਾਣੀ ਪੀਣ ਯੋਗ ਨਹੀਂ ਰਿਹਾ ਪਾਣੀ ਦਾ ਪੱਧਰ ਦਾ ਦਿਨ ਬ ਦਿਨ ਥੱਲੇ ਜਾਣਾ ਬਹੁਤ ਨੁਕਸਾਨਦੇਹ ਹੈ।

ਪਾਣੀ ਦੇ ਮਾਹਿਰਾਂ ਅਨੁਸਾਰ ਪਾਣੀ ਦੀ ਧਰਤੀ ਹੇਠਾਂ ਤਿੰਨ ਪੱਧਰਾਂ ਹਨ 1960 ਵਿੱਚ ਪਾਣੀ ਦੀ ਪਹਿਲੀ ਪੱਧਰ ਤੋਂ ਪਾਣੀ ਕੱਢਿਆ ਜਾ ਸਕਦਾ ਸੀ ਜਿਸ ਵੇਲੇ ਪੰਜਾਬ ਵਿੱਚ ਪਾਣੀ ਸਿਰਫ 8/10 ਫੁੱਟ ਤੋਂ ਹੀ ਮਿਲ ਜਾਂਦਾ ਸੀ। 1985 ਵਿੱਚ ਉਹ ਪੱਧਰ ਖਤਮ ਹੋ ਗਈ ਫਿਰ ਪਾਣੀ ਦੀ ਦੂਸਰੀ ਪੱਧਰ ਤੋਂ ਪਾਣੀ ਕੱਢਣਾ ਸ਼ੁਰੂ ਹੋ ਗਿਆ ਇਸ ਸਥਿਤੀ ਵਿੱਚ ਧਰਤੀ ਵਿੱਚ ਟੋਇਆ ਪੁੱਟ ਕੇ ਹੇਠਾਂ ਟਿਊਬਵੈਲ ਦੀ ਮੋਟਰ ਲਾਈ ਜਾਂਦੀ ਸੀ ਪਾਣੀ ਪ੍ਰਾਪਤ ਕਰਨ ਲਈ ਬੋਰ ਹੋਰ ਡੂੰਘਾ ਕੀਤਾ ਜਾਂਦਾ ਸੀ ਜਿਸ ਤੇ ਖਰਚ ਵੀ ਜਿਆਦਾ ਆਉਂਦਾ ਸੀ ਅਤੇ

ਟਿਊਬਵੈਲ ਚਲਾਉਣ ਦੀ ਲਾਗਤ ਵੀ ਵੱਧ ਗਈ ਸੀ। ਪਰ 2000 ਤੱਕ ਉਹ ਪੱਧਰ ਵੀ ਖਤਮ ਹੋ ਗਈ ਅਤੇ ਪਾਣੀ ਨੂੰ ਤੀਸਰੀ ਪੱਧਰ ਤੋਂ ਕੱਢਣਾ ਪਿਆ ਜਿਸ ਲਈ ਸਬਮਰਸੀਬਲ ਪੰਪ ਲਾਉਣੇ ਪਏ ਅਤੇ ਇਹ ਪੰਪ ਹੁਣ ਸਾਰੇ ਪੰਜਾਬ ਵਿੱਚ ਲੱਗੇ ਹੋਏ ਹਨ। ਜਿੱਥੇ ਪੰਪ ਲਗਾਉਣ ਦਾ ਖਰਚ ਜਿਆਦਾ ਆਉਂਦਾ ਹੈ ਉੱਥੇ ਉਸਨੂੰ ਚਲਾਉਣ ਦਾ ਖਰਚ ਵੀ ਜਿਆਦਾ ਆਉਂਦਾ ਹੈ ਪਰ ਭਵਿੱਖ ਦੀ ਵੱਡੀ ਚੁਣੌਤੀ ਇਹ ਹੈ ਕਿ ਜੇ ਇਸ ਪੱਧਰ ਤੇ ਵੀ ਪਾਣੀ ਖਤਮ ਹੋ ਗਿਆ ਤਾਂ ਫਿਰ ਕੀ ਬਣੇਗਾ ਇਹ ਸੋਚ ਕੇ ਵੀ ਡਰ ਲੱਗਦਾ ਹੈ ਜਿਸ ਲਈ ਚੇਤਨ ਹੋਣ ਦੀ ਜਰੂਰਤ ਹੈ।

ਪੰਜਾਬ ਵਿੱਚ ਪਾਣੀ ਜਿਆਦਾ ਕੱਢ ਕੇ ਵਾਤਾਵਰਨ ਵਿੱਚ ਕਈ ਵਿਗਾੜ ਪੈ ਚੁੱਕੇ ਹਨ। ਜਿਸ ਦੇ ਮਗਰ ਸਭ ਤੋਂ ਵੱਡਾ ਕਾਰਨ ਰਸਾਇਣਾ ਦੀ ਦਿਨ ਬ ਦਿਨ ਵੱਧਦੀ ਵਰਤੋ ਹੈ ਇਨ੍ਹਾਂ ਰਸਾਇਣਾ ਦੀ ਵਰਤੋਂ ਹਰ ਸਾਲ ਪੰਜਾਬ ਵਿੱਚ 4 ਫੀਸਦੀ ਦੇ ਹਿਸਾਬ ਵੱਧ ਰਹੀ ਹੈ। ਪਹਿਲਾਂ ਹੀ ਭਾਵੇਂ ਪੰਜਾਬ ਦਾ ਖੇਤਰ ਭਾਰਤ ਦੇ ਖੇਤਰ ਦਾ ਸਿਰਫ 15 ਫੀਸਦੀ ਹੈ ਪਰ ਇੱਥੇ ਕੁੱਲ ਭਾਰਤ ਵਿੱਚ ਵਰਤੇ ਜਾਣ ਵਾਲੇ ਰਸਾਇਣਾ ਵਿੱਚੋਂ 19 ਫੀਸਦੀ ਰਸਾਇਣ ਵਰਤੇ ਸਨ।

ਪਰ ਦੇਸ਼ ਵਿੱਚ ਵਰਤੇ ਜਾਣ ਵਾਲੇ ਕੀਟਨਾਸ਼ਕ ਅਤੇ 9 ਫੀਸਦੀ ਨਦੀਨ ਨਾਸ਼ਕ ਵੀ ਪੰਜਾਬ ਵਿੱਚ ਵਰਤੇ ਜਾ ਰਹੇ ਹਨ। ਇੰਨੀ ਵੱਡੀ ਮਾਤਰਾ ਵਿੱਚ ਇਹ ਰਸਾਇਨ ਜਿਹੜੇ ਵੱਡਾ ਜਹਰੀਲਾ ਮਾਪ ਹਨ ਉਹ ਲਗਾਤਾਰ ਹਵਾ ਪਾਣੀ ਅਤੇ ਧਰਤੀ ਵਿੱਚ ਘੁਲ ਕੇ ਜਿੱਥੇ ਵਾਤਾਵਰਨ ਨੂੰ ਪ੍ਰਦੂਸ਼ਿਤ ਕਰ ਰਹੇ ਹਨ ਉਥੇ ਇਹ ਖੁਰਾਕ ਵਿੱਚ ਸ਼ਾਮਿਲ ਹੋ ਰਹੇ ਹਨ।

ਇਹਨਾਂ ਦੀ ਵਰਤੋਂ ਨਾਲ ਧਰਤੀ ਦੀ ਉਪਜਾਓ ਸ਼ਕਤੀ ਘੱਟ ਰਹੀ ਹੈ। ਅਤੇ ਉਸ ਕਮੀ ਨੂੰ ਪੂਰਾ ਕਰਨ ਲਈ ਹੋਰ ਮਾਤਰਾ ਵਿੱਚ ਰਸਾਇਣ ਪਾਉਣੇ ਪੈਂਦੇ ਹਨ ਖੇਤੀਬਾੜੀ ਵਿੱਚ ਘਟਦੀਆਂ ਪ੍ਰਾਪਤੀਆਂ ਦਾ ਨਿਯਮ ਸਭ ਤੋਂ ਛੇਤੀ ਲਾਗੂ ਹੁੰਦਾ ਹੈ ਜਿਸ ਦਾ ਅਰਥ ਹੈ ਕਿ ਜੇ ਪਹਿਲੀ ਖਾਦ ਦੀ ਬੋਰੀ ਨਾਲ 10 ਕੁਇੰਟਲ ਉਪਜ ਵਧੀ ਹੈ ਤਾਂ ਅਗਲੀ ਬੁਰੀ ਨਾਲ 9 ਫਿਰ ਤੋਂ ਅਗਲੀਆਂ ਬੋਰੀਆਂ ਨਾਲ 8,7,6 ਅਤੇ ਇਹ ਘੱਟਦੀ ਜਾਵੇਗੀ। ਇਸ ਲਈ ਜਿਆਦਾ ਖਾਦ ਦੀਆਂ ਬੋਰੀਆਂ ਵਰਤੀਆਂ ਜਾਣਗੀਆਂ ਜਿਨਾਂ ਨਾਲ ਪਾਣੀ ਦੀ ਵੀ ਜਿਆਦਾ ਵਰਤੋਂ ਕਰਨੀ ਪਵੇਗੀ ਅਤੇ ਵਾਤਾਵਰਨ ਹੋਰ ਜਹਰੀਲਾ ਹੋ ਜਾਵੇਗਾ॥

ਪੰਜਾਬ ਵਿੱਚ ਖਾਦਾਂ ਅਤੇ ਰਸਾਇਣਾ ਦੀ ਜ਼ਿਆਦਾ ਵਰਤੋਂ ਦਾ ਕਾਰਨ ਪੰਜਾਬ ਦਾ ਫਸਲ ਚੱਕਰ ਹੈ ਜਿਹੜਾ ਕਣਕ ਅਤੇ ਝੋਨੇ ਤੱਕ ਸੁੰਗੜਦਾ ਜਾ ਰਿਹਾ ਹੈ। 1960 ਵਾਲੀ ਖੇਤੀ ਵਿੱਚ ਹਾੜੀ ਅਤੇ ਸੌਣੀ ਦੇ ਮੌਸਮ ਵਿੱਚ ਕਈ ਫਸਲਾਂ ਜਿੰਨਾਂ ਵਿੱਚ ਦਾਲਾਂ, ਮੂੰਗਫਲੀ, ਤੋਰੀਆ, ਸਰੋਂ, ਗੰਨਾ, ਤਾਰਾਮੀਰਾ ਤਿਲ, ਸਣ, ਮੱਕਈ , ਕਪਾਹ ਆਦਿ ਸਭ ਕੁਝ ਰੁੱਤ ਅਨੁਸਾਰ ਹੁੰਦਾ ਸੀ। ਪਰ ਅੱਜ ਕੱਲ ਕਣਕ ਅਤੇ ਝੋਨਾ ਹੀ ਦੋ ਫਸਲਾਂ ਹਨ ਜਿੰਨਾ ਹੇਠ 80 ਫੀਸਦੀ ਖੇਤਰ ਆ ਗਿਆ ਹੈ। 1960 ਵਿੱਚ 20 ਹਜਾਰ ਹੈਕਟਰ ਵਿੱਚ ਝੋਨਾ ਲਾਇਆ ਜਾਂਦਾ ਸੀ ਪਰ ਅੱਜ ਕੱਲ ਭਾਵੇਂ ਫਸਲ ਦੀ ਵਿਭਿੰਨਤਾ ਦੀਆਂ ਅਪੀਲਾਂ ਵੀ ਕੀਤੀਆਂ ਜਾਂਦੀਆਂ ਹਨ ਪੰਜਾਬ ਵਿੱਚ 32 ਲੱਖ ਹੈਕਟਰ ਜਾਂ 80 ਲੱਖ ਏਕੜ ਝੋਨਾ ਲੱਗਦਾ ਹੈ। ਕਣਕ ਅਤੇ ਝੋਨਾ ਦੋਵੇਂ ਹੀ ਫਸਲਾਂ ਪਾਣੀ ਦੀ ਬਹੁਤ ਜਿਆਦਾ ਵਰਤੋਂ ਕਰਦੀਆਂ ਹਨ ਰਸਾਇਣਾ ਕਰਕੇ ਹੋਰ ਵਾਧੂ ਪਾਣੀ ਦੀ ਲੋੜ ਪੈਂਦੀ ਹੈ।

ਇਹਨਾਂ ਦੋਵਾਂ ਫਸਲਾਂ ਅਧੀਨ ਖੇਤਰ ਵਧਣ ਦਾ ਸਿਰਫ ਇੱਕ ਹੀ ਕਾਰਨ ਹੈ ਇੰਨਾ ਦੀ ਪਹਿਲਾਂ ਤੋਂ ਘੋਸ਼ਿਤ ਕੀਮਤਾਂ ਤੇ ਸਰਕਾਰੀ ਅਤੇ ਯਕੀਨੀ ਖਰੀਦ ਭਾਵੇਂ ਕਿ ਕੇਂਦਰੀ ਸਰਕਾਰ ਵੱਲੋਂ 23 ਵੱਖ-ਵੱਖ ਫਸਲਾਂ ਲਈ ਘੱਟੋ ਘੱਟ ਖਰੀਦ ਕੀਮਤ ਦੀ ਘੋਸ਼ਣਾ ਕੀਤੀ ਜਾਂਦੀ ਹੈ ਪਰ ਸਿਰਫ ਕਣਕ ਅਤੇ ਝੋਨਾ ਹੀ ਦੋ ਫਸਲਾਂ ਹਨ ਜਿਹੜੀਆਂ ਉਹਨਾਂ ਕੀਮਤਾਂ ਤੇ ਸਰਕਾਰ ਵੱਲੋਂ ਖਰੀਦੀਆਂ ਜਾਂਦੀਆਂ ਹਨ। ਇੱਥੋਂ ਤੱਕ ਪੰਜਾਬ ਵਿੱਚ ਫਿਰੋਜ਼ਪੁਰ, ਬਠਿੰਡਾ, ਮਾਨਸਾ, ਫਰੀਦਕੋਟ, ਫਾਜ਼ਿਲਕਾ ਜਿਹੜੇ ਕਪਾਹ ਲਈ ਵਿਸ਼ੇਸ਼ ਖੇਤਰ ਮੰਨੇ ਜਾਂਦੇ ਹਨ ਸਰਕਾਰੀ ਖਰੀਦ ਦੀ ਵਜਾਹ ਕਰਕੇ ਉਥੇ ਵੀ ਹੁਣ ਸਾਉਣੀ ਦੀ ਰੁੱਤ ਵਿੱਚ ਝੋਨਾ ਮੁੱਖ ਫਸਲ ਬਣ ਗਈ ਹੈ।

ਝੋਨਾ ਅਤੇ ਕਣਕ ਵਧਣ ਨਾਲ ਹੋਰ ਫਸਲਾਂ ਅਧੀਨ ਖੇਤਰ ਲਗਾਤਾਰ ਘਟਦਾ ਗਿਆ ਤੇ ਕਈ ਫਸਲਾਂ ਹੁਣ ਪੰਜਾਬ ਵਿੱਚ ਨਜ਼ਰ ਹੀ ਨਹੀਂ ਆਉਂਦੀਆਂ । ਜਿਵੇਂ ਸਣ ਤਿਲ ਤਾਰਾ ਮੀਰਾ ਆਵੇ ਦਾਲਾਂ ਤੇ ਤੇਲਾਂ ਦੇ ਬੀਜ ਉਹ ਫਸਲਾਂ ਹਨ ਜਿਹੜੀਆਂ ਘੱਟ ਪਾਣੀ ਦੀ ਵਰਤੋਂ ਕਰਦੀਆਂ ਹਨ ਪਰ ਉਹਨਾਂ ਦੇ ਨਾਂ ਬੀਜਣ ਦਾ ਇੱਕ ਹੀ ਕਾਰਨ ਹੈ ਉਹਨਾਂ ਦੀ ਸਰਕਾਰੀ ਖਰੀਦ ਦਾ ਨਾ ਹੋਣਾ ਇਸ ਲਈ ਦਾਲ ਅਤੇ ਤੇਲ ਦੇ ਬੀਜ ਦੋਵੇਂ ਹਰ ਸਾਲ ਡੇਢ ਲੱਖ ਕਰੋੜ ਰੁਪਏ ਦੀ ਵਿਦੇਸ਼ਾਂ ਤੋਂ ਆਯਾਤ ਕੀਤੇ ਜਾ ਰਹੇ ਹਨ ਅਤੇ ਇਹਨਾਂ ਫਸਲਾਂ ਦੀਆਂ ਕੀਮਤਾਂ ਵਿਦੇਸ਼ਾਂ ਵਿੱਚ ਵੀ ਵਧਣ ਕਰਕੇ ਇਹਨਾਂ ਲਈ ਭੁਗਤਾਨ ਕਰਨ ਵਾਲਾ ਆਯਾਤ ਬਿਲ ਹਰ ਸਾਲ ਵੱਧਦਾ ਜਾ ਰਿਹਾ ਹੈ।

ਭਾਵੇਂ ਕਿ ਭਾਰਤ ਦਾਲਾਂ ਨੂੰ ਦੁਨੀਆ ਭਰ ਵਿੱਚ ਵੱਧ ਪੈਦਾ ਕਰਨ ਵਾਲਾ ਸਭ ਤੋਂ ਵੱਧ ਖਾਣ ਵਾਲਾ ਪਰ ਸਭ ਤੋਂ ਵੱਡਾ ਆਯਾਤ ਕਰਨ ਵਾਲਾ ਵੀ ਹੈ ਖੇਤੀ ਪ੍ਰਧਾਨ ਦੇਸ਼ ਹੋਣ ਕਰਕੇ ਇਸ ਨੂੰ ਘੱਟੋ ਘੱਟ ਖੇਤੀ ਵਸਤੂਆਂ ਵਿੱਚ ਆਤਮ ਨਿਰਭਰ ਬਣਨਾ ਚਾਹੀਦਾ ਹੈ ਅਤੇ ਆਤਮ ਨਿਰਭਰ ਬਣਨ ਲਈ ਘੱਟੋ ਘੱਟ ਮੁੱਲ ਤੇ ਖਰੀਦ ਕਰਨੀ ਹੀ ਇੱਕ ਉਹ ਜਾਦੂ ਹੈ ਜਿਸਨੇ ਭਾਰਤ ਨੂੰ ਖੁਰਾਕ ਆਯਾਤ ਕਰਨ ਵਾਲੇ ਦੇਸ਼ ਤੋਂ ਖੁਰਾਕ ਨਿਰਿਆਤ ਕਰਨ ਵਾਲਾ ਦੇਸ਼ ਬਣਾ ਦਿੱਤਾ ਹੈ। ਇਸ ਹੀ ਜਾਦੂ ਨੂੰ ਹੋਰ ਫਸਲਾਂ ਲਈ ਖਾਸ ਕਰਕੇ ਉਹਨਾਂ ਫਸਲਾਂ ਲਈ ਜਿਨਾਂ ਲਈ ਪੰਜਾਬ ਦਾ ਜਲਵਾਯੂ ਅਨੁਕੂਲ ਹੈ ਉਹਨਾਂ ਲਈ ਅਪਣਾਉਣਾ ਚਾਹੀਦਾ ਹੈ ਜੇ ਕੇਂਦਰੀ ਸਰਕਾਰ ਇਹ ਕੰਮ ਨਹੀਂ ਕਰਦੀ ਤਾਂ ਪੰਜਾਬ ਸਰਕਾਰ ਨੂੰ ਆਪ ਖਰੀਦ ਕਰ ਲੈਣੀ ਚਾਹੀਦੀ ਹੈ ਜਿਸ ਵਿੱਚ ਮਹਿੰਗੀ ਆਯਾਤ ਨਾਲੋਂ ਇਹ ਫਿਰ ਸਸਤੀਆਂ ਮਿਲ ਸਕਦੀਆਂ।

ਫਸਲ ਚੱਕਰ ਵਿੱਚ ਤਬਦੀਲੀ ਇਸ ਕਰਕੇ ਵੀ ਲੋੜੀਂਦੀ ਹੈ ਜਿਸ ਨਾਲ ਫਸਲਾਂ ਨਾਲ ਸੰਤੁਲਨ ਵਾਤਾਵਰਨ ਬਣੇਗਾ ਤੇ ਰਸਾਇਣਾਂ ਦੀ ਵਰਤੋਂ ਘਟੇਗੀ ਜਿਸ ਲਈ ਵੱਡੇ ਖਤਰਿਆਂ ਤੋਂ ਬਚਾਅ ਹੋ ਸਕਦਾ ਹੈ ਕੇਂਦਰ ਸਰਕਾਰ ਨੂੰ ਪੰਜਾਬ ਸਰਕਾਰ ਨੂੰ ਵੱਡੀ ਸਬਸਿਡੀ ਫਸਲਾਂ ਦੇ ਬਦਲਾਅ ਲਈ ਦੇ ਦੇਣੀ ਹੋਈ ਘਾਟੇ ਵਾਲੀ ਗੱਲ ਨਹੀਂ ਸਗੋਂ ਜਿਆਦਾ ਉਪਯੋਗੀ ਹੈ ਪੰਜਾਬ ਵਿੱਚ ਸੀਮਿਤ ਫਸਲ ਚੱਕਰ ਅਪਣਾਉਣ ਕਰਕੇ ਜਿਆਦਾਤਰ ਖੇਤੀ ਕਿਰਤੀ ਅਰਧ ਬੇਰੁਜ਼ਗਾਰ ਹਨ ਜੇ ਕਣਕ ਝੋਨੇ ਦੇ ਨਾਲ ਹੋਰ ਫਸਲ ਵੀ ਬੀਜੀਆਂ ਜਾਂਦੀਆਂ ਹਨ ਤਾਂ ਇੱਕ ਤਾਂ ਉਸ ਨਾਲ ਰਸਾਇਨ ਘਟਣਗੇ ਇੱਕ ਪਾਣੀ ਦੀ ਬੱਚਤ ਹੋਵੇਗੀ ਪਰ ਸਭ ਤੋਂ ਵੱਡਾ ਲਾਭ ਇਹ ਵੀ ਹੋਵੇਗਾ ਕਿ ਕਿਰਤੀਆਂ ਦੇ ਕੰਮ ਵਿੱਚ ਵਾਧਾ ਹੋਵੇਗਾ ਤੇ ਪੂੰਜੀ ਜਿਵੇਂ ਟਰੈਕਟਰ ਸਾਰੇ ਸਾਲਾਂ ਵਿੱਚ ਜਿਆਦਾ ਸਮਾਂ ਵਿਹਲਾ ਰਹਿੰਦਾ ਹੈ ਉਸ ਲਈ ਕੰਮ ਪੈਦਾ ਹੋਵੇਗਾ ਕਿਰਤੀਆਂ ਅਤੇ ਮਸ਼ੀਨਾਂ ਲਈ ਕੰਮ ਦੀ ਸਾਰੇ ਸਾਲ ਵਿੱਚ ਵੰਡ ਹੋਵੇਗੀ।

ਕੇਂਦਰ ਅਤੇ ਪ੍ਰਾਂਤ ਦੀ ਸਰਕਾਰ ਨੂੰ ਰਸਾਇਣਾ ਦੀ ਵਧਦੀ ਵਰਤੋਂ ਇਸ ਕਰਕੇ ਵਾਤਾਵਰਨ ਵਿੱਚ ਪ੍ਰਦੂਸ਼ਣ ਕੰਮ ਵਿੱਚ ਕਮੀ ਪਾਣੀ ਦਾ ਹੇਠਾਂ ਜਾਣ ਕਈ ਲਾਭਦਾਇਕ ਸੂਖਮ ਜੀਵ ਜਿਵੇਂ ਗੰਡੋਏ ਪੰਛੀਆਂ ਦਾ ਖਤਮ ਹੋਣਾ ਉਹਨਾਂ ਪ੍ਰਤੀ ਗੰਭੀਰਤਾ ਨਾਲ ਕੋਈ ਇਸ ਤਰਾਂ ਦੀ ਨੀਤੀ ਅਪਣਾਉਣੀ ਚਾਹੀਦੀ ਹੈ ਜਿਸ ਦੇ ਅਨੁਕੂਲ ਸਿੱਟੇ ਮਿਲ ਸਕਣ ਇਹਨਾਂ ਉਦੇਸ਼ਾਂ ਨੂੰ ਪ੍ਰਾਪਤ ਕਰਨ ਲਈ ਜਿੱਥੇ ਜਨਤਾ ਵਿੱਚ ਚੇਤਨਾ ਦਾ ਵਧਣਾ ਇੱਕ ਪੱਖ ਹੈ ਪਰ ਸਰਕਾਰ ਦੀ ਪ੍ਰਭਾਵੀ ਨੀਤੀ ਜਿਸ ਵਿੱਚ ਉਹਨਾਂ ਫਸਲਾਂ ਦੀ ਖਰੀਦ ਜਰੂਰ ਸ਼ੁਰੂ ਕਰਨੀ ਚਾਹੀਦੀ ਹੈ ਜਿਨਾਂ ਲਈ ਦੇਸ਼ ਨੂੰ ਆਯਾਤ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ। ਰਸਾਇਣਾਂ ਦੇ ਘਾਤਕ ਪ੍ਰਭਾਵਾਂ ਤੋਂ ਬੱਚਤ ਕਰਨ ਲਈ ਜੈਵਿਕ ਖੇਤੀ ਨੂੰ ਬਰਾਬਰ ਲਾਭਕਾਰੀ ਬਣਾਉਣ ਲਈ ਲੰਬੇ ਸਮੇਂ ਦੀ ਯੋਗ ਨੀਤੀ ਅਪਣਾਉਣੀ ਪਵੇਗੀ।



ਡਾ. ਸ.ਸ.ਛੀਨਾ
sarbjitchhina@yahoo.co.in

**Information in Public Interest**

To listen to **Dr.Gurdip Singh Sandhu** health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148

# SUNSHINE AUTO CARE INC.

## WE REPAIR ALL MAKES & MODELS. AUTO, DIESEL TRUCK & TRAILERS

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS

hablamos español
We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check


ACCEPTED HERE
VISA · MasterCard · AMERICAN EXPRESS · DISCOVER NETWORK



**1003 Moffat Blvd, Manteca CA 95336**

# 209-239-1551

# Chevron TRUCK STOP



OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ

We accept all major fleet cards, credit cards including, Visa, MC, AE, Discover, Voyag and Writer Express.

ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।

(Or $9 off Chevron In-Store Purchase)

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

**PREETI PANNU**
(541) 369-2801
FAX (541) 369-3810

33180 HWY 228 HALSEY, OR 97348

WE HAVE THE CHEAPEST FARES TO INDIA

# LEGEND TRAVEL

arc accredited agency
CST # 207524-40

Special Fares To India From West-coast (us) On Air India Direct Flights



JATINDER SINGH



LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

REALTY
UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿਂਕ ਿਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੰਿਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਆਿਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਯਿਮਤਿ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਅਿਤ ਨਵਿੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕੱਿਸੇ:**

**2017 ਗੁੜਗਾਂਵ:**
**7 ਸਾਲਾਂ ਵੱਿਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵੱਿਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵੱਿਚ 58% ਵਾਧਾ**

**ਆਪਣੇ ਭਵੱਿਖ ਨੂੰ ਸੁਰੱਖਅਿਤ ਕਰੋ - ਅੱਜ ਹੀ!**

**Call : +91 73038-88722**

**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
For more information call
Boota Singh Basi +1 (209) 303-1260

# ਨਿਮਾਣੇ ਸਿੱਖ ਵਜੋਂ ਸ੍ਰੀ ਅਕਾਲ ਤਖ਼ਤ ਅੱਗੇ ਪੇਸ਼ ਹੋਵਾਂਗਾ- ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਮੁੱਖ ਮੰਤਰੀ ਵਜੋਂ ਨਹੀਂ, ਇਕ ਨਿਮਾਣੇ ਸਿੱਖ ਵਜੋਂ ਪੇਸ਼ ਹੋਣਗੇ। 'ਐਕਸ' 'ਤੇ ਕੀਤੀ ਇਕ ਪੋਸਟ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਹਰੇਕ ਸਿੱਖ ਲਈ ਪਾਵਨ ਅਸਥਾਨ ਹੈ ਅਤੇ ਤਖ਼ਤ ਸਾਹਿਬ ਨੂੰ ਸਿੱਖਾਂ ਦਾ ਸਰਵਉੱਚ ਅਸਥਾਨ ਮੰਨਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ 'ਸ੍ਰੀ ਅਕਾਲ ਤਖ਼ਤ ਸਾਹਿਬ ਜੀ ਤੋਂ ਆਇਆ ਹੁਕਮ ਸਿਰ ਮੱਥੇ ਹੈ ਜਿਸ ਨੂੰ ਪੂਰੇ ਸਤਿਕਾਰ ਨਾਲ ਪ੍ਰਵਾਨ ਕਰਕੇ ਉਸ ਦੀ ਪਾਲਣਾ ਕਰਾਂਗਾ। ਮੈਂ ਮੁੱਖ ਮੰਤਰੀ ਵਜੋਂ ਨਹੀਂ, ਇਕ ਨਿਮਾਣੇ ਸਿੱਖ ਵਜੋਂ ਨੰਗੇ ਪੈਰੀਂ ਚੱਲ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਹਾਜ਼ਰ ਹੋਵਾਂਗਾ।' ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ 15 ਜਨਵਰੀ ਨੂੰ ਦੇਸ਼ ਦੇ ਰਾਸ਼ਟਰਪਤੀ ਸ੍ਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿੱਚ ਇਕ ਕਾਨਫਰੰਸ ਵਿੱਚ ਸ਼ਿਰਕਤ ਕਰਨ ਲਈ ਆ ਰਹੇ ਹਨ, ਪਰ ਉਹ ਹਰ ਹਾਲ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਪੇਸ਼ ਹੋਣਗੇ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਸਰਵਉੱਚ ਹੈ ਅਤੇ ਪਾਵਨ ਤਖ਼ਤ ਸਾਹਿਬ ਤੋਂ ਆਇਆ ਹੁਕਮ ਸਿਰ ਮੱਥੇ ਕਬੂਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 'ਸ੍ਰੀ ਅਕਾਲ ਤਖ਼ਤ ਸਾਹਿਬ ਜੀ ਤੋਂ ਆਇਆ ਹੁਕਮ ਮੇਰੇ ਅਤੇ ਪਰਿਵਾਰ ਲਈ ਸਦਾ ਸਰਵਉੱਚ ਸੀ, ਹੈ ਅਤੇ ਰਹੇਗਾ'

# ਮਮਦਾਨੀ ਵੱਲੋਂ ਇਜ਼ਰਾਈਲ ਸਮੇਤ ਸਾਬਕਾ ਮੇਅਰ ਦੁਆਰਾ ਜਾਰੀ ਹੋਰ ਕਈ ਆਦੇਸ਼ ਰੱਦ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ



ਨਿਊਯਾਰਕ ਸ਼ਹਿਰ ਦੇ ਮੇਅਰ ਜੋਹਰਨ ਮਮਦਾਨੀ ਨੇ ਅਹੁੱਦਾ ਸੰਭਾਲਣ ਉਪਰੰਤ ਪਹਿਲੇ ਦਿਨ ਉਨਾਂ ਸਾਰੇ ਆਦੇਸ਼ਾਂ ਉਪਰ ਲਕੀਰ ਫੇਰ ਦਿੱਤੀ ਜੋ ਸਾਬਕਾ ਮੇਅਰ ਏਰਿਕ ਐਡਮਜ ਨੇ 26 ਸਤੰਬਰ 2024 ਵਿੱਚ ਆਪਣੇ ਉਪਰ ਲੱਗੇ ਭ੍ਰਿਸ਼ਟਾਚਾਰ ਦੇ ਦੋਸ਼ਾਂ ਤੋਂ ਬਾਅਦ ਜਾਰੀ ਕੀਤੇ ਸਨ। ਇਨਾਂ ਵਿੱਚ ਦੋ ਆਦੇਸ਼ ਇਜ਼ਰਾਈਲ ਨਾਲ ਸਬੰਧਤ ਹਨ ਜਿਨਾਂ ਨੂੰ ਮਮਦਾਨੀ ਨੇ ਰੱਦ ਕਰ ਦਿੱਤਾ। ਮਮਦਾਨੀ ਨੇ ਸਾਬਕਾ ਮੇਅਰ ਐਡਮਜ ਵੱਲੋਂ ਜਾਰੀ ਉਹ ਆਦੇਸ਼ ਰੱਦ ਕਰ ਦਿੱਤਾ ਜਿਸ ਤਹਿਤ ਸ਼ਹਿਰ ਦੀਆਂ ਏਜੰਸੀਆਂ ਉਪਰ ਇਜ਼ਰਾਈਲ ਦਾ ਬਾਈਕਾਟ ਕਰਨ ਉਪਰ ਰੋਕ ਲਾਈ ਗਈ ਸੀ। ਮਮਦਾਨੀ ਨੇ ਇੰਟਰਨੈਸ਼ਨਲ ਹੋਲੋਕਾਸਟ ਰਿਮੈਂਬਰੈਂਸ ਅਲਾਇੰਸ ਦੀ ਯਹੂਦੀਆਂ ਵਿਰੋਧੀ ਪ੍ਰੀਭਾਸ਼ਾ ਅਪਣਾਉਣ ਬਾਰੇ ਜਾਰੀ ਆਦੇਸ਼ ਵੀ ਰੱਦ ਕਰ ਦਿੱਤਾ। ਹਾਲਾਂ ਕਿ ਮਮਦਾਨੀ ਨੇ ਐਡਮਜ ਵੱਲੋਂ ਯਹੂਦੀ ਵਿਰੋਧੀਆਂ ਨਾਲ ਮੁਕਾਬਲੇ ਲਈ ਮਈ ਵਿੱਚ ਸ਼ੁਰੂ ਕੀਤੇ ਨਵੇਂ ਦਫਤਰ ਨੂੰ ਕਾਇਮ ਰੱਖਿਆ ਹੈ। ਡੈਮੋਕਰੈਟਿਕ ਸੋਸਲਿਸਟ ਆਗੂ ਮਮਦਾਨੀ ਜੋ ਮੇਅਰ ਦੀ ਚੋਣ ਜਿੱਤ ਕੇ ਨਿਊਯਾਰਕ ਸ਼ਹਿਰ ਦੇ ਪਹਿਲੇ ਮੁਸਲਮਾਨ ਮੇਅਰ ਬਣੇ ਹਨ, ਫਲਸਤੀਨੀ ਹੱਕਾਂ ਦੇ ਅਲੰਬਰਦਾਰ ਹਨ। ਮਮਦਾਨੀ ਪਹਿਲਾਂ ਹੀ ਬਾਈਕਾਟ, ਡਿਵੈਸਟਮੈਂਟ, ਸੈਂਕਸ਼ਨਜ (ਬੀ ਡੀ ਐਸ) ਮੂਵਮੈਂਟ ਦਾ ਸਮਰਥਨ ਕਰ ਚੁੱਕੇ ਹਨ ਜਿਸ ਦਾ ਮਕਸਦ ਫਲਸਤੀਨੀਆਂ ਦੇ ਮੁੱਦੇ 'ਤੇ ਇਜ਼ਰਾਈਲ ਨੂੰ ਮਿਲਦੇ ਕੌਮਾਂਤਰੀ ਸਮਰਥਨ ਨੂੰ ਰੋਕਣਾ ਹੈ। ਮੂਵਮੈਂਟ ਵੱਲੋਂ ਇਜ਼ਰਾਈਲ ਉਪਰ ਕੌਮਾਂਤਰੀ ਆਰਥਕ ਪਾਬੰਦੀਆਂ ਲਾਉਣ ਦੀ ਮੰਗ ਕੀਤੀ ਜਾ ਰਹੀ ਹੈ। ਮਮਦਾਨੀ ਨੇ ਮੇਅਰ ਦੀ ਚੋਣ ਤੋਂ ਪਹਿਲਾਂ ਹੀ ਐਲਾਨ ਕੀਤਾ ਸੀ ਕਿ ਉਹ ਏਰਿਕ ਐਡਮਜ ਵੱਲੋਂ ਜਾਰੀ ਸਾਰੇ ਆਦੇਸ਼ਾਂ ਉਪਰ ਪੁਨਰ ਵਿਚਾਰ ਕਰਨਗੇ।

# ਦੰਦਾਂ ਦੇ ਪ੍ਰਸਿੱਧ ਡਾਕਟਰ ਤੇ ਉਸ ਦੀ ਪਤਨੀ ਦੀ ਗੋਲੀਆਂ ਮਾਰ ਕੇ ਹੱਤਿਆ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ



ਉਹਾਈਓ ਵਿੱਚ ਇੱਕ ਪ੍ਰਸਿੱਧ ਡੈਨਟਿਸਟ ਸਪੈਨਸਰ ਟੇਪੇ (37) ਤੇ ਉਸ ਦੀ ਪਤਨੀ ਮੋਨੀਕ ਟੇਪੇ (39) ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦੇਣ ਦੀ ਖਬਰ ਹੈ। ਕੋਲੰਬਸ ਪੁਲਿਸ ਅਨੁਸਾਰ ਪਤੀ-ਪਤਨੀ ਦੀ ਹੱਤਿਆ ਉਨਾਂ ਦੇ ਘਰ ਵਿੱਚ ਕੀਤੀ ਗਈ ਤੇ ਘਰ ਵਿਚੋਂ ਉਨਾਂ ਦੇ ਦੋ ਛੋਟੇ ਬੱਚੇ ਵੀ ਮਿਲੇ ਹਨ ਜਿਨਾਂ ਨੂੰ ਕੋਈ ਨੁਕਸਾਨ ਨਹੀਂ ਪਹੁੰਚਾਇਆ ਗਿਆ ਹੈ। ਪੁਲਿਸ ਨੇ ਕਿਹਾ ਹੈ ਕਿ ਮੌਕੇ ਤੋਂ ਕੋਈ ਹਥਿਆਰ ਨਹੀਂ ਮਿਲਿਆ ਹੈ ਤੇ ਇਹ ਖੁਦਕੁਸ਼ੀ ਦਾ ਮਾਮਲਾ ਨਹੀਂ ਹੈ ਬਲਕਿ ਦੋਹਰੇ ਕਤਲ ਦਾ ਮਾਮਲਾ ਹੈ। ਪੁਲਿਸ ਹਥਿਆਰੇ ਦੀ ਭਾਲ ਵਿੱਚ ਹੈ। ਪੁਲਿਸ ਨੇ ਸੰਭਾਵੀ ਸ਼ੱਕੀ ਬਾਰੇ ਕੋਈ ਵੇਰਵਾ ਜਾਰੀ ਨਹੀਂ ਕੀਤਾ ਹੈ ਤੇ ਆਮ ਲੋਕਾਂ ਨੂੰ ਕਾਤਲ ਨੂੰ ਗ੍ਰਿਫਤਾਰ ਕਰਨ ਵਿੱਚ ਮੱਦਦ ਦੀ ਅਪੀਲ ਕੀਤੀ ਹੈ।

# ਆਜ਼ਾਦੀ ਘੁਲਾਟੀ ਉੱਤਰਾਧਿਕਾਰੀ ਸੰਸਥਾ ਦੀ ਸੂਬਾ ਪੱਧਰੀ ਮੀਟਿੰਗ ਹੋਈ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਆਜ਼ਾਦੀ ਘੁਲਾਟੀ ਉੱਤਰਾਧਿਕਾਰੀ ਸੰਸਥਾ ਰਜਿਸਟਰ 196 ਪੰਜਾਬ ਵੱਲੋਂ ਪਿਛਲੇ ਦਿਨੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਚਤਿੰਨ ਸਿੰਘ ਸੇਖੋ ਦੀ ਅਗਵਾਈ ਵਿੱਚ ਕੀਤੀ ਗਈ ਮੀਟਿੰਗ ਵਿੱਚ ਸਭ ਤੋਂ ਅਹਿਮ ਫੈਸਲਾ ਲਿਆ ਪੰਜਾਬ ਸਰਕਾਰ ਵਿਰੁੱਧ ਲੜੀਵਾਰ ਧਰਨੇ ਸਬੰਧੀ ਇਸ ਮੌਕੇ ਸੰਸਥਾ ਦੇ ਸੂਬਾ ਪ੍ਰਧਾਨ ਚਤਿੰਨ ਸਿੰਘ ਸੇਖੋ ਵੱਲੋਂ ਕਿਹਾ ਗਿਆ ਕਿ ਸਾਨੂੰ ਲੜੀਵਾਰ ਧਰਨੇ ਸਬੰਧੀ ਫੈਸਲਾ ਲੈਂਦੇ ਹੋਏ ਬਹੁਤ ਦੁੱਖ ਹੋ ਰਿਹਾ ਹੈ ਕਿ ਅੱਜ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਜਿਨਾਂ ਵੱਲੋਂ ਹਮੇਸ਼ਾ ਹੀ ਇਹ ਕਿਹਾ ਜਾਂਦਾ ਹੈ ਕਿ ਉਹ ਦੇਸ਼ ਭਗਤਾਂ ਅਤੇ ਉਹਨਾਂ ਦੇ ਪਰਿਵਾਰਾਂ ਦਾ ਦਿਲੋਂ ਪ੍ਰੇਮ ਅਤੇ ਸਤਿਕਾਰ ਕਰਦੇ ਹਨ ਪਰ ਆਜ਼ਾਦੀ ਘੁਲਾਟੀਆਂ ਦੇ ਵਾਰਸਾਂ ਨੂੰ ਸਰਕਾਰ ਦੇ ਇੰਨੇ ਸਾਲ ਬੀਤ ਜਾਣ ਤੇ ਵੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਉਹਨਾਂ ਨਾਲ ਇੱਕ ਮੀਟਿੰਗ ਤੱਕ ਕਰਕੇ ਉਹਨਾਂ ਨੂੰ ਇਹ ਸਨਮਾਨ ਤੱਕ ਨਹੀਂ ਦਿੱਤਾ ਗਿਆ। ਜਦੋਂ ਮੁੱਖ ਮੰਤਰੀ ਸਾਨੂੰ ਸਨਮਾਨ ਨਹੀਂ ਦੇ ਸਕਦੇ ਤਾਂ ਆਜ਼ਾਦੀ ਘੁਲਾਟੀਆਂ ਦੇ ਵਾਰਸਾਂ ਵੱਲੋਂ ਇਹ ਫੈਸਲਾ ਲਿਆ ਗਿਆ ਹੈ ਕਿ ਉਹ ਇਸ ਵਾਰ 26 ਜਨਵਰੀ ਨੂੰ ਗਣਤੰਤਰ ਦਿਵਸ ਦੇ ਪ੍ਰੋਗਰਾਮ ਵਿੱਚ ਕੌਮੀ ਝੰਡਾ ਲਹਿਰਾਉਣ ਦੀ ਰਸਮ ਵਿੱਚ ਤਾਂ ਸ਼ਾਮਿਲ ਹੋਣਗੇ ਪਰੰਤੂ ਕੋਈ ਸਨਮਾਨ ਨਹੀਂ ਲਿਆ ਜਾਵੇਗਾ, ਕਿਉਂਕਿ ਆਜ਼ਾਦੀ ਘੁਲਾਟੀਆਂ ਦਾ ਵਾਰਸਾਂ ਦਾ ਕਹਿਣਾ ਹੈ ਕਿ ਉਹ ਕੋਈ ਭਿਖਾਰੀ ਨਹੀਂ ਹਨ ਜੋ ਸਨਮਾਨ ਲੈਣ ਤੇ ਹੀ ਚੁੱਪ ਕਰਕੇ ਬੈਠ ਜਾਣਗੇ। ਉਹਨਾਂ ਕਿਹਾ ਹੈ ਕਿ ਸਾਨੂੰ ਸਮਾਨ ਨਹੀਂ ਸਨਮਾਨ ਦੀ ਜਰੂਰਤ ਹੈ ਜੋ ਕਿ ਸਾਡਾ ਹੱਕ ਹੈ। ਸਰਕਾਰ ਦੀਆਂ ਕੁਰਸੀਆਂ ਤੇ ਬੈਠਣ ਵਾਲੇ ਇਨਸਾਨ ਇਹ ਭੁੱਲ ਗਏ ਹਨ ਕਿ ਜੇਕਰ ਦੇਸ਼ ਨੂੰ ਕਿਸੇ ਨੇ ਆਜ਼ਾਦ ਕਰਵਾਇਆ ਹੈ ਤਾਂ ਹੀ ਉਹਨਾਂ ਨੂੰ ਕੁਰਸੀਆਂ ਤੇ ਬੈਠਣ ਦਾ ਮੌਕਾ ਮਿਲਿਆ ਹੈ। ਮਾਨਸਾ ਜ਼ਿਲ੍ਹਾ ਜਥੇਬੰਦੀ ਸੂਬਾ ਪ੍ਰਧਾਨ ਚਤਿੰਨ ਸਿੰਘ ਸੇਖੋ ਦੇ ਇਸ ਫੈਸਲੇ ਦਾ ਸਨਮਾਨ ਕਰਦੇ ਹੋਏ ਉਹਨਾਂ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੀ ਹੈ।

# ਅਧਿਆਤਮਿਕਤਾ ਸਿਰਫ਼ ਰਸਮਾਂ ਜਾਂ ਪਰੰਪਰਾਵਾਂ ਦੀ ਪਾਲਣਾ ਨਹੀਂ, ਬਲਕਿ ਦਇਆ, ਅਨੁਸ਼ਾਸਨ, ਨਿਸ਼ਕਾਮ ਸੇਵਾ ਅਤੇ ਅੰਦਰੂਨੀ ਜਾਗਰੂਕਤਾ ਨਾਲ ਜੀਉਣ ਦੀ ਕਲਾ

ਅੰਮ੍ਰਿਤਸਰ
ਅੰਤਿਮਾ ਮਹਿਰਾ





ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੇ ਦੁਆਰਾ ਵੇਦ ਕਥਾ ਭਵਨ, ਦੁਰਗਿਆਣਾ ਮੰਦਿਰ ਅੰਮ੍ਰਿਤਸਰ ਵਿੱਚ ਕਰਵਾਏ ਗਏ ਆਧਿਆਤਮਿਕ ਸਮਾਗਮ ਦੌਰਾਨ ਸਾਧਵੀ ਰਜਨੀ ਭਾਰਤੀ ਜੀ ਨੇ ਸ਼੍ਰੀ ਆਸ਼ੂਤੋਸ਼ ਮਹਾਰਾਜ ਜੀ ਦੀ ਪ੍ਰੇਰਣਾ ਰਾਹੀਂ ਮਨੁੱਖੀ ਜੀਵਨ ਦੇ ਗੂੜ੍ਹੇ ਅਰਥਾਂ ਨਾਲ ਸੰਗਤ ਨੂੰ ਜਾਣੂ ਕਰਵਾਇਆ। ਉਨ੍ਹਾਂ ਨੇ ਜ਼ੋਰ ਦਿੱਤਾ ਕਿ ਆਧਿਆਤਮਿਕਤਾ ਸਿਰਫ਼ ਰਸਮਾਂ ਜਾਂ ਪਰੰਪਰਾਵਾਂ ਦੀ ਪਾਲਣਾ ਨਹੀਂ, ਬਲਕਿ ਦਇਆ, ਅਨੁਸ਼ਾਸਨ, ਨਿਸ਼ਕਾਮ ਸੇਵਾ ਅਤੇ ਅੰਦਰੂਨੀ ਜਾਗਰੂਕਤਾ ਨਾਲ ਜੀਉਣ ਦੀ ਕਲਾ ਹੈ। ਸਾਧਵੀ ਜੀ ਨੇ ਦਰਸਾਇਆ ਕਿ ਜਿਵੇਂ ਉਜਾਲਾ ਆਪਣੇ ਆਪ ਹਨੇਰੇ ਨੂੰ ਮਿਟਾ ਦਿੰਦਾ ਹੈ, ਓਸੇ ਤਰ੍ਹਾਂ ਆਤਮਿਕ ਗਿਆਨ ਅਤੇ ਧਿਆਨ ਦੀ ਸਾਧਨਾ ਮਨ ਵਿਚ ਵੱਸੇ ਸੰਦੇਹ ਅਤੇ ਡਰ ਨੂੰ ਖਤਮ ਕਰ ਦਿੰਦੀ ਹੈ। ਸਮਾਗਮ ਦੌਰਾਨ ਗਾਏ ਗਏ ਸੁਰੀਲੇ ਭਜਨਾਂ ਨੇ ਸਾਰੇ ਮਾਹੌਲ ਨੂੰ ਸ਼ਾਂਤੀ ਅਤੇ ਸਕਾਰਾਤਮਕਤਾ ਨਾਲ ਭਰ ਦਿੱਤਾ, ਜਿਸ ਨਾਲ ਸ਼ਰਧਾਲੂਆਂ ਨੇ ਅੰਦਰੂਨੀ ਸੁਖ ਦੀ ਅਨੁਭੂਤੀ ਕੀਤੀ। ਇਹ ਸਮਾਗਮ ਸਿਰਫ਼ ਬੋਲੀਆਂ ਗਈਆਂ ਸਿੱਖਿਆਵਾਂ ਤੱਕ ਸੀਮਿਤ ਨਹੀਂ ਰਿਹਾ, ਸਗੋਂ ਇਹ ਇਕ ਐਸਾ ਅਨੁਭਵ ਬਣਿਆ ਜਿਸ ਨੇ ਲੋਕਾਂ ਨੂੰ ਆਪਣੇ ਜੀਵਨ 'ਚ ਆਤਮ-ਚਿੰਤਨ, ਸਚੇਤਤਾ ਅਤੇ ਅੰਦਰੂਨੀ ਬਦਲਾਅ ਵੱਲ ਕਦਮ ਵਧਾਉਣ ਲਈ ਪ੍ਰੇਰਿਤ ਕੀਤਾ। ਇਸ ਦਾ ਮੁੱਖ ਉਦੇਸ਼ ਧਿਆਨ ਅਤੇ ਆਤਮਕ ਅਭਿਆਸ ਰਾਹੀਂ ਮਨੁੱਖ ਨੂੰ ਆਪਣੇ ਅੰਦਰ ਵੱਸਦੀ ਦਿਵਯਤਾ ਨਾਲ ਜੋੜਨਾ ਸੀ।

# ਬੰਗਲਾਦੇਸ਼ ਵਿੱਚ ਹਿੰਦੂ ਵਿਧਵਾ ਨਾਲ ਗੈਂਗਰੇਪ

ਢਾਕਾ
ਸਾਂਝੀ ਸੋਚ ਬਿਊਰੋ

ਵਿੱਚ ਇੱਕ 44 ਸਾਲਾ ਹਿੰਦੂ ਵਿਧਵਾ ਨਾਲ ਗੈਂਗਰੇਪ ਦਾ ਮਾਮਲਾ ਸਾਹਮਣੇ ਆਇਆ ਹੈ। ਮੁਲਜ਼ਮਾਂ ਨੇ ਬਲਾਤਕਾਰ ਤੋਂ ਬਾਅਦ ਔਰਤ ਨੂੰ ਦਰੱਖਤ ਨਾਲ ਬੰਨ੍ਹਿਆ ਅਤੇ ਕੁੱਟਮਾਰ ਕੀਤੀ। ਇਹ ਘਟਨਾ ਬੰਗਲਾਦੇਸ਼ ਦੇ ਝੇਨੈਦਾ ਜ਼ਿਲ੍ਹੇ ਦੇ ਕਾਲੀਗੰਜ ਖੇਤਰ ਵਿੱਚ ਵਾਪਰੀ। ਪੁਲਿਸ ਨੇ ਇਸ ਮਾਮਲੇ ਵਿੱਚ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ, ਅਤੇ ਬਾਕੀ ਮੁਲਜ਼ਮਾਂ ਦੀ ਭਾਲ ਜਾਰੀ ਹੈ। ਪੀੜਤ ਨੇ ਸੋਮਵਾਰ ਦੁਪਹਿਰ ਨੂੰ ਕਾਲੀਗੰਜ ਪੁਲਿਸ ਸਟੇਸ਼ਨ ਵਿੱਚ ਚਾਰ ਲੋਕਾਂ ਖ਼ਿਲਾਫ਼ ਸ਼ਿਕਾਇਤ ਦਰਜ ਕਰਵਾਈ। ਮੁਲਜ਼ਮਾਂ ਵਿੱਚੋਂ ਇੱਕ ਹਸਨ (45), ਇਲਾਕੇ ਦੇ ਇੱਕ ਪਿੰਡ ਦਾ ਰਹਿਣ ਵਾਲਾ ਹੈ। ਦੋਸ਼ ਹੈ ਕਿ ਔਰਤ ਦੇ ਵਾਲ ਕੱਟੇ ਗਏ ਸਨ, ਉਸਨੂੰ ਕੁੱਟਿਆ ਗਿਆ ਸੀ, ਅਤੇ ਪੂਰੀ ਘਟਨਾ ਦੀ ਮੋਬਾਈਲ ਫੋਨ 'ਤੇ ਵੀਡੀਓ ਬਣਾਈ ਗਈ ਸੀ। ਪੁਲਿਸ ਅਤੇ ਸਥਾਨਕ ਨਿਵਾਸੀਆਂ ਦੇ ਅਨੁਸਾਰ, ਔਰਤ ਨੇ ਲਗਭਗ ਦੋ ਸਾਲ ਪਹਿਲਾਂ ਪਿੰਡ ਵਿੱਚ ਇੱਕ ਘਰ ਅਤੇ ਜ਼ਮੀਨ ਖਰੀਦੀ ਸੀ। ਉਸਨੇ ਇਹ ਜ਼ਮੀਨ ਮੁਲਜ਼ਮ ਦੇ ਭਰਾ ਸ਼ਾਹੀਨ ਤੋਂ ਖਰੀਦੀ ਸੀ। ਜ਼ਮੀਨ ਖਰੀਦਣ ਤੋਂ ਬਾਅਦ, ਸ਼ਾਹੀਨ ਉਸਨੂੰ ਤੰਗ-ਪ੍ਰੇਸ਼ਾਨ ਕਰ ਰਿਹਾ ਸੀ ਅਤੇ ਉਸ ਤੋਂ ਪੈਸੇ ਦੀ ਮੰਗ ਕਰ ਰਿਹਾ ਸੀ। ਔਰਤ ਦੇ ਦੋ ਮਰਦ ਰਿਸ਼ਤੇਦਾਰ ਸ਼ਨੀਵਾਰ ਸ਼ਾਮ ਨੂੰ ਉਸਨੂੰ ਮਿਲਣ ਆਏ ਸਨ। ਇਸ ਦੌਰਾਨ ਸ਼ਾਹੀਨ ਅਤੇ ਹਸਨ ਜ਼ਬਰਦਸਤੀ ਘਰ ਵਿੱਚ ਦਾਖਲ ਹੋਏ। ਉਹ ਔਰਤ ਦੇ ਰਿਸ਼ਤੇਦਾਰਾਂ ਨੂੰ ਇੱਕ ਕਮਰੇ ਵਿੱਚ ਬੰਦ ਕਰ ਕੇ ਉਸ ਨੂੰ ਦੂਜੇ ਕਮਰੇ ਵਿੱਚ ਲੈ ਗਏ ਜਿੱਥੇ ਉਨ੍ਹਾਂ ਨੇ ਉਸ ਨਾਲ ਬਲਾਤਕਾਰ ਕੀਤਾ। ਫਿਰ ਮੁਲਜ਼ਮਾਂ ਨੇ ਔਰਤ ਅਤੇ ਉਸਦੇ ਰਿਸ਼ਤੇਦਾਰਾਂ ਨੂੰ ਘਰੋਂ ਬਾਹਰ ਕੱਢਿਆ, ਉਨ੍ਹਾਂ ਨੂੰ ਇੱਕ ਦਰੱਖਤ ਨਾਲ ਬੰਨ੍ਹ ਦਿੱਤਾ ਅਤੇ ਉਨ੍ਹਾਂ 'ਤੇ ਅਸ਼ਲੀਲ ਵਿਵਹਾਰ ਦੇ ਝੂਠੇ ਦੋਸ਼ ਲਗਾਏ। ਔਰਤ ਆਪਣੇ 10 ਸਾਲ ਦੇ ਪੁੱਤਰ ਨਾਲ ਉਸੇ ਪਿੰਡ ਵਿੱਚ ਰਹਿੰਦੀ ਹੈ। ਸਥਾਨਕ ਲੋਕਾਂ ਨੇ ਸ਼ਨੀਵਾਰ ਰਾਤ ਨੂੰ ਉਸਨੂੰ ਗੰਭੀਰ ਹਾਲਤ ਵਿੱਚ ਪਾਇਆ ਅਤੇ ਉਸਨੂੰ ਹਸਪਤਾਲ ਪਹੁੰਚਾਇਆ। ਦੱਸ ਦਈਏ ਕਿ ਬੰਗਲਾਦੇਸ਼ ਵਿੱਚ ਪਿਛਲੇ ਤਿੰਨ ਹਫ਼ਤਿਆਂ ਵਿੱਚ ਚਾਰ ਹਿੰਦੂਆਂ ਦੀ ਹੱਤਿਆ ਕਰ ਦਿੱਤੀ ਗਈ ਹੈ।


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# RESIDENTIAL, COMMERCIAL AND SOLAR FARMS

**with Singhsloar High performance Bifacial Smart Panels**

## ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ

100% CUSTOMER SATISFACTION GUARANTEED

SINGH SOLAR



## ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

**ਸਿਰ.ਫ ਇਕ ਕਾਲ - ਵੱਡੀ ਬੱਚਤ**

# 510-706-1300

singhsolarusa@gmail.com


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ |
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

# ਜਿਥੇ ਲੋਕ, ਉਥੇ ਸਰਕਾਰ
# ਪਿੰਡ ਹਰਚੰਦਪੁਰਾ ਵਿਖੇ ਲਗਾਇਆ ਇਰੀਗੇਸ਼ਨ ਕੈਂਪ


ਸੰਗਰੂਰ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ’ਤੇ ਨਹਿਰੀ ਪਾਣੀ ਕਿਸਾਨਾਂ ਦੇ ਖੇਤਾਂ ਤੱਕ ਪਹੁੰਚਾਉਣ ਲਈ ਅੱਜ ਧੂਰੀ ਹਲਕੇ ਦੇ ਪਿੰਡ ਹਰਚੰਦਪੁਰਾ ਵਿਖੇ ਵਿਸ਼ੇਸ਼ ਇਰੀਗੇਸ਼ਨ ਕੈਂਪ ਲਗਾਇਆ ਗਿਆ। ਜਿਸ ਵਿੱਚ ਪਿੰਡ ਧਾਂਦਰਾ, ਦੋਹਲਾ ਤੇ ਹਰਚੰਦਪੁਰਾ ਦੇ ਵੱਡੀ ਗਿਣਤੀ ਕਿਸਾਨਾਂ ਨੇ ਹਿੱਸਾ ਲਿਆ। ਇਸ ਕੈਂਪ ਵਿੱਚ ਵਿਸ਼ੇਸ਼ ਤੌਰ ’ਤੇ ਡਿਪਟੀ ਕਮਿਸ਼ਨਰ ਰਾਹੁਲ ਚਾਬਾ, ਪੰਜਾਬ ਲਘੂ ਉਦਯੋਗ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਤੇ ਐਸ.ਡੀ.ਐਮ. ਰਿਸ਼ਭ ਬਾਂਸਲ ਸ਼ਾਮਲ ਹੋਏ। ਡਿਪਟੀ ਕਮਿਸ਼ਨਰ ਰਾਹੁਲ ਚਾਬਾ ਨੇ ਕਿਹਾ ਕਿ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਪਹਿਲ ਦੇ ਆਧਾਰ ’ਤੇ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਮੁੱਚਾ ਪ੍ਰਸ਼ਾਸਨ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਦੀਆਂ ਜਿਹੜੀ ਵੀ ਸਮੱਸਿਆਵਾਂ ਹਨ, ਉਹ ਬਿਨਾਂ ਦੇਰੀ ਹੱਲ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਖੇਤਾਂ ਨੂੰ ਨਹਿਰੀ ਪਾਣੀ ਪਹੁੰਚਾਉਣ ਲਈ ਸੰਗਰੂਰ ਜ਼ਿਲ੍ਹੇ ਵਿੱਚ ਵੱਡੀ ਪੱਧਰ ’ਤੇ ਕੰਮ ਚੱਲ ਰਿਹਾ ਹੈ ਤੇ ਜਿਹੜੇ ਪਿੰਡਾਂ ਨੂੰ ਹਾਲੇ ਤੱਕ ਨਹਿਰੀ ਪਾਣੀ ਦੀ ਸਹੂਲਤ ਨਹੀਂ ਮਿਲੀ ਹੈ, ਉਨ੍ਹਾਂ ਨੂੰ ਵੀ ਜਲਦੀ ਹੀ ਇਹ ਸਹੂਲਤ ਮਿਲਣ ਲੱਗੇਗੀ।

ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਿਛਲੇ ਦਿਨੀਂ ਧੂਰੀ ਹਲਕੇ ਦੇ ਲੋਕਾਂ ਨਾਲ ਕੀਤੀ ਗਈ ਲੋਕ ਮਿਲਣ ਦੌਰਾਨ ਪਿੰਡ ਹਰਚੰਦਪੁਰਾ ਤੇ ਨੇੜਲੇ ਪਿੰਡਾਂ ਦੇ ਲੋਕਾਂ ਨੇ ਨਹਿਰੀ ਪਾਣੀ ਪਹੁੰਚਾਉਣ ਦੀ ਮੰਗ ਕੀਤੀ ਸੀ, ਜਿਸ ’ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ’ਤੇ ਅੱਜ ਵਿਸ਼ੇਸ਼ ਕੈਂਪ ਲਗਾਕੇ ਪਿੰਡ ਹਰਚੰਦਪੁਰਾ ਅਤੇ ਨੇੜਲੇ ਪਿੰਡਾਂ ਦੇ ਵਸਨੀਕਾਂ ਨੂੰ ਨਹਿਰੀ ਪਾਣੀ ਪਹੁੰਚਾਉਣ ਲਈ ਵਿਉਂਤਬੰਦੀ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਖੇਤਾਂ ਨੂੰ ਨਹਿਰੀ ਪਾਣੀ ਲਗਾਉਣ ਲਈ ਵੱਡੀ ਪਹਿਲਕਦਮੀ ਕੀਤੀ ਹੈ, ਜਿਸ ਸਦਕਾ ਸੂਬੇ ਦੇ ਵੱਡੇ ਖੇਤਰ ਨੂੰ ਦਹਾਕਿਆਂ ਬਾਅਦ ਨਹਿਰੀ ਪਾਣੀ ਦੀ ਸਹੂਲਤ ਮਿਲਣ ਲੱਗੀ ਹੈ, ਜੋ ਧਰਤੀ ਹੇਠਲੇ ਪਾਣੀ ਦੇ ਡਿੱਗਦੇ ਪੱਧਰ ਨੂੰ ਬਚਾਉਣ ਲਈ ਵੀ ਕਾਰਗਰ ਸਾਬਤ ਹੋ ਰਹੀ ਹੈ। ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਮੁੱਖ ਮੰਤਰ ਭਗਵੰਤ ਸਿੰਘ ਮਾਨ ਨੇ ਕਿਸਾਨਾਂ ਨੂੰ ਨਹਿਰੀ ਪਾਣੀ ਦੀ ਸਹੂਲਤ ਦੇਣ ਲਈ ਪਹਿਲੇ ਦਿਨ ਤੋਂ ਹੀ ਕੰਮ ਸ਼ੁਰੂ ਕਰ ਦਿੱਤਾ ਸੀ, ਜਿਸ ਲਈ ਵੱਡੀ ਪੱਧਰ ’ਤੇ ਸੂਏ ਪੱਕੇ ਕਰਨ ਦਾ ਕੰਮ ਵੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਨਹਿਰੀ ਪਾਣੀ ਹੋਰਨਾਂ ਪਿੰਡਾਂ ਵਿੱਚ ਵੀ ਪਹੁੰਚੇਗਾ।

# 'ਯੁੱਧ ਨਸ਼ਿਆਂ ਵਿਰੁੱਧ' ਦੇ 310ਵੇਂ ਦਿਨ ਪੰਜਾਬ ਪੁਲਿਸ ਵੱਲੋਂ 657 ਗ੍ਰਾਮ ਹੈਰੋਇਨ ਸਮੇਤ 65 ਨਸ਼ਾ ਤਸਕਰ ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ




ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰੇਦਸ਼ਾਂ ‘ਤੇ ਵਿੱਢੇ ਗਏ “ਯੁੱਧ ਨਸ਼ਿਆਂ ਵਿਰੁੱਧ” ਦੇ 310ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 223 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਉਪਰੰਤ ਸੂਬੇ ਭਰ ਵਿੱਚ 54 ਐਫਆਈਆਰਜ਼ ਦਰਜ ਕਰਕੇ 65 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ 310 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 43,326 ਹੋ ਗਈ ਹੈ। ਛਾਪੇਮਾਰੀ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ’ਚੋਂ 657 ਗ੍ਰਾਮ ਹੈਰੋਇਨ, 440 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 2630 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ। ਇਸ ਆਪ੍ਰੇਸ਼ਨ ਦੌਰਾਨ 48 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 700 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 100 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 223 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 242 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਹੈ। ਦੱਸਣਯੋਗ ਹੈ ਕਿ ਪੰਜਾਬ ਸਰਕਾਰ ਨੇ ਸੂਬੇ ‘ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ ਇਸ ਰਣਨੀਤੀ ਦੇ ਹਿੱਸੇ ਵਜੋਂ ਅੱਜ 22 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਹੈ।

# ਅੰਮ੍ਰਿਤਸਰ ਦੇ ਵਿਰਸਾ ਵਿਹਾਰ ਚ "ਗਾਤਾ ਰਹੇ ਮੇਰਾ ਦਿਲ" ਸੰਗੀਤਮਈ ਸ਼ਾਮ ਦਾ ਆਯੋਜਨ

ਅੰਮ੍ਰਿਤਸਰ
ਸਵਿੰਦਰ ਸਿੰਘ

ਅਨੰਦ ਗਰੁੱਪ ਦਿਲਸ਼ੁਮਾਰ ਇੰਟਰਟੇਨਮੈਂਟ ਵੱਲੋਂ ਨਵੇਂ ਸਾਲ 2026 ਦੀ ਆਮਦ ਮੌਕੇ ਵਿਰਸਾ ਵਿਹਾਰ ਅੰਮ੍ਰਿਤਸਰ ਵਿਖੇ ਦਾ ਗ੍ਰੇਸ ਮੈਗਾ ਮਿਊਜ਼ਿਕਲ ਇਵੰਟ "ਗਾਤਾ ਰਹੇ ਮੇਰਾ ਦਿਲ" ਦਾ ਆਯੋਜਿਨ ਕੀਤਾ ਗਿਆ ਜਿਸ ਦੇ ਕੋ-ਕੋਰਡੀਟੇਟਰ ਰਣਜੀਤਾ ਅਨੰਦ, ਦਿਲਸ਼ੁਮਾਰ ਅਨੰਦ, ਅਨੁਰਾਧਾ ਰਾਜਪੂਤ, ਵਿਨੋਦ ਕੁਮਾਰ, ਅਨਿਲ ਮਹਿਰਾ ਦੀ ਰਹਿਨੁਮਾਈ ਦੇ ਵਿੱਚ ਹੋਇਆ। ਪ੍ਰੋਗਰਾਮ ਦੇ ਮੰਚ ਦਾ ਸੰਚਾਲਨ ਐਂਕਰ ਨੀਰੂ ਭਾਟੀਆ, ਸੰਜੀਵ ਸ਼ਰਮਾ ਨੇ ਬੜੀ ਸੂਝ-ਬੂਝ ਦੇ ਨਾਲ ਕੀਤਾ।



ਰਣਜੀਤ ਅਨੰਦ ਤੇ ਅਨੁਰਾਧਾ ਰਾਜਪੂਤ ਨੇ ਸਾਂਝੇ ਤੋਰ ਤੇ ਜਾਣਕਾਰੀ ਦਿੰਦੇ ਹੋਏ ਦੱਸਿਆਂ ਕਿ ਇਸ ਸੰਗੀਤਮਈ ਸ਼ਾਮ ਦੇ ਵਿੱਚ ਮੁੱਖ ਮਹਿਮਾਨ ਦੇ ਤੋਰ ਤੇ ਕਾਂਗਰਸ ਦੇ ਸੀਨੀਅਰ ਲੀਡਰਾ ਦੇ ਵਿੱਚ ਅਨਿਲ ਜੋਸ਼ੀ, ਬੱਬੀ ਪਹਿਲਵਾਨ ਅਤੇ ਡਾ: ਲੱਕੀ ਹੋਰਾਂ ਸ਼ਿਰਕਤ ਕੀਤੀ ਅਤੇ ਗੈਸਟ ਗਾਇਕ ਦੇ ਤੋਰ ਤੇ ਰਾਜ ਕੁਮਾਰ ਵਰਮਾ, ਤਰਲੋਚਨ ਤੋਚੀ, ਰਿੰਕੂ ਮਲਹੋਤਰਾ, ਟੋਨੀ ਵਿਸ਼ੇਸ਼ ਤੋਂ ਤੇ ਪੁੱਜੇ। ਇਸ ਸੰਗੀਤਮਈ ਸ਼ਾਮ ਦੇ ਵਿੱਚ ਅੰਮ੍ਰਿਤਸਰ ਦੇ ਪ੍ਰਸਿੱਧ ਗਾਇਕਾਂ ਨੇ ਬੋਲੀਵੁੱਡ ਸਦਾ ਬਹਾਰ ਗੀਤਾ ਨੂੰ ਗਾ ਕੇ ਆਏ ਹੋਏ ਦਰਸ਼ਕਾਂ ਦਾ ਮਨੋਰੰਜਨ ਕੀਤਾ।

ਇਸ ਪ੍ਰੋਗਰਾਮ ਦੇ ਵਿੱਚ ਕਿਸ਼ੋਰ ਮੈਮੋਰੀਅਲ ਸੋਸਾਇਟੀ ਰਜਿ ਅੰਮ੍ਰਿਤਸਰ ਦੇ ਅਹੁਦੇਦਾਰ ਅਤੇ ਮੈਂਬਰ ਸਹਿਬਾਨ ਜਿੰਨਾ ਵਿੱਚ ਰਮਨ ਮਦਾਨ, ਬ੍ਰਿਜੇਸ਼ ਜੋਲੀ, ਵਰਿੰਦਰ ਸ਼ਰਮਾ ਅਤੇ ਰਾਜੇਸ਼ ਰਾਜੂ ਵਿਸ਼ੇਸ਼ ਤੋਂਰ ਤੇ ਪ੍ਰੋਗਰਾਮ ਦਾ ਆਨੰਦ ਮਾਨਣ ਲਈ ਪਹੁੰਚੇ। ਪ੍ਰੋਗਰਾਮ 'ਚ ਆਏ ਹੋਏ ਮਹਿਮਾਨਾ ਨੂੰ ਜਿਥੇ ਜੀ ਆਇਆ ਆਖਿਆ ਗਿਆ ਉੱਥੇ ਉਹਨਾਂ ਨੂੰ ਸਨਮਾਨ ਦੇ ਕੇ ਵੀ ਨਿਵਾਜਿਆ ਗਿਆ।

MATRIMONIAL
ਦੁਲਹਨ ਦੀ ਲੋੜ
1986 Born vegetarian vegan, non drinker, graduated US Citizen boy working as CEO of Corporation, height 6', Looking for simple homely girl from Jatt Sikh family, vegetarian or vegan. Animal lover and caring.
Contact:+1(949) 648-7548
email: gurjagsati@gmail.com




web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਅੱਜ ਹੀ ਕਾਲ ਕਰੋ :
ਰਾਜਿੰਦਰ ਟਾਂਡਾ
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


SERVPRO®
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702

Gillson TRUCKING INC

# NOW HIRING

## TRUCK DRIVERS CLASS A CDL

- ✓Signing Bonus
- ✓Top pay
- ✓Mileage Pay
- ✓Great Benefits
- ✓Over the Road or Local Routes
- ✓Reefers and Dry Van Operations
- ✓No touch freight

### SKILLS

- ✓Responsible truck driver.
- ✓Experience with electronic equipment.
- ✓Ability to travel regularly.
- ✓Adaptivity and foresight to handle unexpected situations (traffic, weather conditions and roads, etc.)

### RESPONSIBILITIES

- ✓Safely operating assigned vehicles.
- ✓The Vehicles are maintained and serviced as needed.
- ✓Report any vehicle defects for repair.
- ✓Make safety a priority at all times.
- ✓Comply with standard federal laws and with company. policies and procedures.

### PAY

- ✓Average pay: $0.45-$0.60 cents/mile
- ✓Weekly direct deposits
- ✓Bonuses for clean inspections
- ✓High mileage bonuses

### NEWER EQUIPMENT

FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO

Flexible Home Time | Pet Friendly | Rider Policy

SCAN QR CODE FOR APPLY NOW

HEALTH BENEFITS Health Dental Vision

1801 E Dr. Martin Luther King Jr. Blvd.
Stockton, CA 95205

925-400-9094 ext. 116, ext. 130 and ext. 144

info@teamgillson.com

GET IN TOUCH gillsontrucking company/gillsontrucking www.teamgillson.com

# ਪੰਜਾਬ ਦੇ ਸਿਹਤ ਮੰਤਰੀ ਨੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਲਾਗੂਕਰਨ ਦਾ ਲਿਆ ਜਾਇਜ਼ਾ

## ਪ੍ਰਾਈਵੇਟ ਮੈਡੀਕਲ ਕਾਲਜਾਂ ਅਤੇ ਡਾਕਟਰਾਂ ਵੱਲੋਂ ਪੂਰਨ ਸਮਰਥਨ ਦੇਣ ਦਾ ਵਾਅਦਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸੂਬੇ ਵਿੱਚ 10 ਲੱਖ ਦੀ ਨਕਦ-ਰਹਿਤ ਸਿਹਤ ਬੀਮਾ ਯੋਜਨਾ ਦੀ ਨਿਰਵਿਘਨ ਤੇ ਸੁਚਾਰੂ ਸ਼ੁਰੂਆਤ ਵੱਲ ਅਹਿਮ ਕਦਮ ਚੁੱਕਦਿਆਂ , ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਮੁੱਖ ਮੰਤਰੀ ਸਿਹਤ ਯੋਜਨਾ (ਐਮ.ਐਮ.ਐਸ.ਵਾਈ.) ਦੇ ਲਾਗੂਕਰਨ ਦੀ ਨਜ਼ਰਸਾਨੀ ਕਰਨ ਲਈ ਐਤਵਾਰ ਨੂੰ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ। ਸਟੇਟ ਹੈਲਥ ਏਜੰਸੀ (ਐਸ.ਐਚ.ਏ.) ਪੰਜਾਬ ਵਿਖੇ ਹੋਈ ਇਸ ਮੀਟਿੰਗ ਵਿੱਚ ਜਨਤਕ ਅਤੇ ਪ੍ਰਾਈਵੇਟ ਸਿਹਤ ਸੰਭਾਲ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ।ਮੀਟਿੰਗ 'ਚ ਮੌਜੂਦ ਮੁੱਖ ਭਾਈਵਾਲਾਂ ਵਿੱਚ ਇੰਡੀਅਨ ਮੈਡੀਕਲ ਐਸੋਸੀਏਸ਼ਨ ਪੰਜਾਬ, ਪੰਜਾਬ ਹਸਪਤਾਲ ਅਤੇ ਨਰਸਿੰਗ ਹੋਮ ਐਸੋਸੀਏਸ਼ਨ, ਪੰਜਾਬ ਸਿਵਲ ਮੈਡੀਕਲ ਸਰਵਿਸਜ਼ (ਪੀਸੀਐਮਐਸ) ਡਾਰਕਟਰ ਅਤੇ ਪ੍ਰਮੁੱਖ ਪ੍ਰਾਈਵੇਟ ਮੈਡੀਕਲ ਕਾਲਜਾਂ ਦੇ ਨੁਮਾਇੰਦੇ ਸ਼ਾਮਲ ਹਨ । ਇਸ ਦੌਰਾਨ ਮੁੱਖ ਭਾਈਵਾਲਾਂ ਪ੍ਰਮੁੱਖ ਸਕੱਤਰ (ਸਿਹਤ) ਕੁਮਾਰ ਰਾਹੁਲ ਅਤੇ ਐਸ.ਐਚ.ਏ. ਦੇ ਮੁੱਖ ਕਾਰਜਕਾਰੀ ਅਧਿਕਾਰੀ ਸੰਯਮ ਅਗਰਵਾਲ ਨੇ ਵੀ ਮੀਟਿੰਗ ਵਿੱਚ ਸ਼ਿਰਕਤ ਕੀਤੀ।

ਇਸ ਸਕੀਮ ਦੇ ਸਹਿਯੋਗੀ ਅਤੇ ਨਾਗਰਿਕ-ਕੇਂਦ੍ਰਿਤ ਲਾਗੂਕਰਨ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ , ਕਿਹਾ ਕਿ ਦਿਸ਼ਾ-ਨਿਰਦੇਸ਼ਾਂ ਦੀ ਇੰਨ-ਬਿੰਨ ਪਾਲਣਾ, ਨੈਤਿਕ ਡਾਕਟਰੀ ਅਭਿਆਸ ਅਤੇ ਮੁਕੰਮਲ ਪਾਰਦਰਸ਼ਤਾ ਸਦਕਾ ਹੀ ਐਮ.ਐਮ.ਐਸ.ਵਾਈ. ਨੂੰ ਸਫਲ ਬਣਾਇਆ ਜਾ ਸਕਦਾ ਹੈ । ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਪੰਜਾਬ ਦੇ ਹਰ ਨਿਵਾਸੀ ਨੂੰ ਬਿਨਾਂ ਕਿਸੇ ਵਿੱਤੀ ਬੋਝ ਤੋਂ ਮਿਆਰੀ ਸਿਹਤ ਸਹੂਲਤਾਂ ਪ੍ਰਾਪਤ ਹੋਣ ਅਤੇ ਇਹ ਸਿਰਫ ਸਰਕਾਰ, ਡਾਕਟਰਾਂ ਅਤੇ ਸਿਹਤ ਸੰਭਾਲ ਸੰਸਥਾਵਾਂ ਵਿਚਕਾਰ ਇਮਾਨਦਾਰ ਸਹਿਯੋਗ ਰਾਹੀਂ ਹੀ ਸੰਭਵ ਹੋ ਸਕਦਾ ਹੈ।

ਮੰਤਰੀ ਡਾ. ਬਲਬੀਰ ਸਿੰਘ ਨੇ ਜ਼ੋਰ ਦੇ ਕੇ ਕਿਹਾ ਕਿ ਨਿਰਧਾਰਤ ਮਾਪਦੰਡਾਂ ਤੋਂ ਭਟਕਣ ਦੀ ਕੋਈ ਗੁੰਜਾਇਸ਼ ਨਹੀਂ ਹੈ , ਇਸ ਲਈ ਸਖ਼ਤ ਅਤੇ ਜ਼ੀਰੋ ਸਹਿਣਸ਼ੀਲਤਾ ਵਾਲਾ ਰੁਖ਼ ਅਪਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਯੋਜਨਾ ਤਹਿਤ ਸਰਵੋਤਮ ਸੇਵਾ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਨੈਤਿਕ ਆਚਰਣ ਅਤੇ ਪਾਰਦਰਸ਼ਤਾ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਜੋਰ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਸਿਹਤ ਸੰਭਾਲ ਪ੍ਰਦਾਤਾਵਾਂ ਨੂੰ ਇਸ ਪਰਿਵਰਤਨਸ਼ੀਲ ਪਹਿਲਕਦਮੀ ਵਿੱਚ ਭਾਈਵਾਲ ਵਜੋਂ ਦੇਖਦੀ ਹੈ ਅਤੇ ਬਦਲੇ ਵਿੱਚ ਉੱਚਤਮ ਪੇਸ਼ੇਵਰ ਮਿਆਰਾਂ ਦੀ ਆਸ ਕਰਦੀ ਹੈ।ਆਈ.ਐਮ.ਏ. ਪੰਜਾਬ ਅਤੇ ਪੀ.ਐਚ.ਐਨ.ਏ. ਦੇ ਨੁਮਾਇੰਦਿਆਂ ਨੇ ਇਸ ਸਕੀਮ ਲਈ ਮਜ਼ਬੂਤ ਸਮਰਥਨ ਪ੍ਰਗਟ ਕੀਤਾ ਅਤੇ ਲਾਭਪਾਤਰੀ ਨਾਮਾਂਕਣ ਵਿੱਚ ਤੇਜ਼ੀ ਲਿਆਉਣ ਲਈ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਰਾਜ ਭਰ ਦੇ ਮਰੀਜ਼ਾਂ ਲਈ ਸਮੇਂ ਸਿਰ ਅਤੇ ਗੁਣਵੱਤਾਪੂਰਨ ਇਲਾਜ ਨੂੰ ਯਕੀਨੀ ਬਣਾਉਣ ਲਈ ਸੂਚੀਬੱਧ ਹਸਪਤਾਲਾਂ ਦੇ ਨੈੱਟਵਰਕ ਦਾ ਵਿਸਥਾਰ ਕਰਨਾ ਮਹੱਤਵਪੂਰਨ ਹੋਵੇਗਾ। ਸੋਧੇ ਹੋਏ ਪੈਕੇਜ ਮਾਸਟਰ ਐਚਬੀਪੀ 2.2 ਨੂੰ ਅਪਣਾਏ ਜਾਣ ਦਾ ਸਵਾਗਤ ਕਰਦੇ ਹੋਏ, ਮੈਡੀਕਲ ਸੰਸਥਾਵਾਂ ਨੇ ਕਿਹਾ ਕਿ ਅੱਪਡੇਟ ਕੀਤਾ ਗਿਆ ਭੁਗਤਾਨ ਢਾਂਚਾ ਹਸਪਤਾਲਾਂ ਦੀ ਕਾਰਜਸ਼ੀਲਤਾ ਵਿੱਚ ਵੱਡੇ ਸੁਧਾਰ ਕਰੇਗਾ ਅਤੇ ਯੋਜਨਾ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਵਿੱਚ ਯੋਗਦਾਨ ਪਾਵੇਗਾ।



ਮੀਟਿੰਗ ਵਿੱਚ ਦਯਾਨੰਦ ਮੈਡੀਕਲ ਕਾਲਜ ਅਤੇ ਹਸਪਤਾਲ, ਲੁਧਿਆਣਾ, ਕ੍ਰਿਸ਼ਚੀਅਨ ਮੈਡੀਕਲ ਕਾਲਜ ਅਤੇ ਹਸਪਤਾਲ, ਲੁਧਿਆਣਾ, ਆਦੇਸ਼ ਮੈਡੀਕਲ ਕਾਲਜ, ਬਠਿੰਡਾ ਅਤੇ ਗਿਆਨ ਸਾਗਰ ਮੈਡੀਕਲ ਕਾਲਜ, ਪਟਿਆਲਾ ਸਮੇਤ ਪ੍ਰਮੁੱਖ ਨਿੱਜੀ ਮੈਡੀਕਲ ਸੰਸਥਾਵਾਂ ਦੀ ਸਰਗਰਮ ਭਾਗੀਦਾਰੀ ਦੇਖੀ ਗਈ। ਇਨ੍ਹਾਂ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਐਮ.ਐਮ.ਐਸ.ਵਾਈ. ਪਿਛਲੀ ਨੇਕ-ਪਾਕ ਸੋਚ ਲਈ ਪੰਜਾਬ ਸਰਕਾਰ ਦੀ ਪ੍ਰਸ਼ੰਸਾ ਕੀਤੀ ਅਤੇ ਵਧੀਆਂ ਹੋਈਆਂ ਭੁਗਤਾਨ ਦਰਾਂ ਦਾ ਸਵਾਗਤ ਕੀਤਾ। ਉਨ੍ਹਾਂ ਨੇ ਇਸਨੂੰ ਨਿੱਜੀ ਖੇਤਰ ਦੀ ਨਿਰੰਤਰ ਭਾਗੀਦਾਰੀ ਵੱਲ ਇੱਕ ਸਕਾਰਾਤਮਕ ਕਦਮ ਦੱਸਿਆ।

ਭਾਗ ਲੈਣ ਵਾਲੇ ਸਾਰੇ ਨਿੱਜੀ ਮੈਡੀਕਲ ਕਾਲਜਾਂ ਨੇ ਇਸ ਯੋਜਨਾ ਵਿੱਚ ਆਪਣੀ ਡੂੰਘੀ ਦਿਲਚਸਪੀ ਦਿਖਾਈ ਅਤੇ ਭਰੋਸਾ ਦਿਵਾਇਆ ਕਿ ਲਾਭਪਾਤਰੀਆਂ ਨੂੰ ਤੁਰੰਤ ਸੇਵਾ ਪ੍ਰਦਾਨ ਕਰਨ ਦੇ ਯੋਗ ਬਣਾਉਣ ਲਈ ਉਨ੍ਹਾਂ ਦੀਆਂ ਸੂਚੀਬੱਧ ਪ੍ਰਕਿਰਿਆਵਾਂ ਅਗਲੇ ਕੁਝ ਦਿਨਾਂ ਵਿੱਚ ਪੂਰੀਆਂ ਕਰ ਲਈਆਂ ਜਾਣਗੀਆਂ।

ਪੀਸੀਐਮਐਸ ਡਾਕਟਰਾਂ ਨੇ ਵੀ ਇਸ ਪਹਿਲਕਦਮੀ ਵਿੱਚ ਪੂਰਾ ਸਹਿਯੋਗ ਜ਼ਾਹਰ ਕਰਦਿਆ ਕਿਹਾ ਕਿ ਐਮ.ਐਮ.ਐਸ.ਵਾਈ ਨਾ ਸਿਰਫ਼ ਜਨਤਾ ਲਈ ਮੁਫ਼ਤ ਅਤੇ ਨਕਦ ਰਹਿਤ ਇਲਾਜ ਯਕੀਨੀ ਬਣਾਏਗਾ ਸਗੋਂ ਪੰਜਾਬ ਭਰ ਦੇ ਸਰਕਾਰੀ ਹਸਪਤਾਲਾਂ ਦੇ ਬੁਨਿਆਦੀ ਢਾਂਚੇ ਅਤੇ ਸੇਵਾ ਸਮਰੱਥਾ ਨੂੰ ਮਜ਼ਬੂਤ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਏਗਾ। ਗੱਲਬਾਤ ਦੌਰਾਨ, ਸਕੀਮ ਨੂੰ ਲਾਗੂ ਕਰਨ ਵਿੱਚ ਸ਼ਾਮਲ ਡਾਕਟਰਾਂ ਅਤੇ ਸਿਹਤ ਸੰਭਾਲ ਸਟਾਫ ਨੂੰ ਪ੍ਰੋਤਸਾਹਨ ਦੇਣ ਸਬੰਧੀ ਸੁਝਾਅ ਵੀ ਪੇਸ਼ ਕੀਤੇ ਗਏ, ਜਿਸ ਵਿੱਚ ਲਾਗੂਕਰਨ ਪੱਧਰ 'ਤੇ ਕੁਸ਼ਲਤਾ ਅਤੇ ਪ੍ਰੇਰਣਾ ਨੂੰ ਬਿਹਤਰ ਬਣਾਉਣ 'ਤੇ ਜ਼ੋਰ ਦਿੱਤਾ ਗਿਆ।ਸਮੀਖਿਆ, ਸਾਰੇ ਭਾਈਵਾਲਾਂ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਨੂੰ ਪੰਜਾਬ ਲਈ ਇੱਕ ਮਜ਼ਬੂਤ, ਪਾਰਦਰਸ਼ੀ ਅਤੇ ਲੋਕ-ਕੇਂਦ੍ਰਿਤ ਸਿਹਤ ਸੰਭਾਲ ਗਰੰਟੀ ਬਣਾਉਣ ਲਈ ਪੂਰੇ ਤਾਲਮੇਲ ਵਿੱਚ ਕੰਮ ਕਰਨ ਦੀ ਸਾਂਝੀ ਵਚਨਬੱਧਤਾ ਨਾਲ ਸਮਾਪਤ ਹੋਈ।

# ਅਮਨ ਅਰੋੜਾ ਵੱਲੋਂ ਗੈਂਗਸਟਰਵਾਦ ਨੂੰ ਜੜ੍ਹੋਂ ਖ਼ਤਮ ਦਾ ਅਹਿਦ

## ਤਰਨ ਤਾਰਨ ਵਿੱਚ ਸਰਪੰਚ ਦੇ ਕਾਇਰਾਨਾ ਕਤਲ ਦੀ ਸਖ਼ਤ ਨਿੰਦਾ

ਤਰਨ ਤਾਰਨ
ਸਾਂਝੀ ਸੋਚ ਬਿਊਰੋ

ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਵਲਟੋਹਾ ਸੰਧੂਆਂ ਦੇ ਸਰਪੰਚ ਜਰਮਲ ਸਿੰਘ ਦੇ ਕਤਲ ਦੀ ਘਿਨਾਉਣੀ ਵਾਰਦਾਤ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕਰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ (ਆਪ) ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਸਮਾਜ ਵਿਰੋਧੀ ਅਨਸਰਾਂ ਨੂੰ ਸਖ਼ਤ ਚੇਤਾਵਨੀ ਦਿੱਤੀ ਹੈ ਕਿ ਜਿਨ੍ਹਾਂ ਨੇ ਇਸ ਘਿਨਾਉਣੇ ਅਪਰਾਧ ਨੂੰ ਅੰਜ਼ਾਮ ਦਿੱਤਾ ਹੈ, ਭਾਵੇਂ ਉਹ ਗੁੰਡੇ ਜਿਨ੍ਹਾਂ ਨੇ ਗੋਲੀਆਂ ਚਲਾਈਆਂ ਜਾਂ ਉਨ੍ਹਾਂ ਦੀ ਪਿੱਠ ਪਿੱਛੇ ਖੜ੍ਹੇ ਉਨ੍ਹਾਂ ਦੇ ਆਕਾ ਹੋਣ, ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।

ਅਮਨ ਅਰੋੜਾ ਨੇ ਸਰਪੰਚ ਜਰਮਲ ਸਿੰਘ, ਜਿਨ੍ਹਾਂ ਦਾ ਐਤਵਾਰ ਨੂੰ ਅੰਮ੍ਰਿਤਸਰ ਵਿਖੇ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ, ਦੇ ਪਰਿਵਾਰ ਨਾਲ ਮੁਲਾਕਾਤ ਕੀਤੀ ਅਤੇ ਦੁੱਖ ਵੰਡਾਇਆ। ਇਸ ਮੌਕੇ ਅਫ਼ਸੋਸ ਪ੍ਰਗਟ ਕਰਦਿਆਂ ਕੈਬਨਿਟ ਮੰਤਰੀ ਨੇ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਔਖੇ ਘੜੀ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਹੈ।ਉਨ੍ਹਾਂ ਨੇ ਅਹਿਦ ਲਿਆ ਕਿ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਜਰਮਲ ਸਿੰਘ ਇੱਕ ਨਿਰਸਵਾਰਥ, ਨੇਕ ਦਿਲ ਇਨਸਾਨ ਸਨ, ਜਿਨ੍ਹਾਂ ਨੇ ਕਦੇ ਵੀ ਕਿਸੇ ਲੋੜਵੰਦ ਭਾਵੇਂ ਉਹ ਉਨ੍ਹਾਂ ਦੇ ਪਿੰਡ ਦਾ ਹੋਵੇ ਜਾਂ ਇਲਾਕੇ ਦਾ, ਨੂੰ ਖ਼ਾਲੀ ਨਹੀਂ ਮੋੜਿਆ ਸੀ।ਉਨ੍ਹਾਂ ਕਿਹਾ ਕਿ ਅਪਰਾਧੀਆਂ ਨੇ ਸਾਡੇ ਤੋਂ ਹੀਰਾ ਬੰਦਾ ਖੋਹ ਲਿਆ ਹੈ। ਜਰਮਲ ਸਿੰਘ ਵਰਗੇ ਲੋਕ ਅੱਜ-ਕੱਲ੍ਹ ਲੱਭੇ ਤੋਂ ਵੀ ਨਹੀਂ ਮਿਲਦੇ। ਸਾਫ਼-ਸੁਥਰੀ ਸ਼ਖ਼ਸੀਅਤ ਤੇ ਲੋਕਾਂ ਦੇ ਦਿਲ 'ਚ ਵਸਣ ਵਾਲਾ ਵਿਅਕਤੀ ਹੀ ਤਿੰਨ ਵਾਰ ਸਰਪੰਚ ਬਣ ਸਕਦਾ ਹੈ। ਉਨ੍ਹਾਂ ਕਿਹਾ ਕਿ ਅਜਿਹੀ ਨੇਕ ਰੂਹ ਦਾ ਚਲਿਆ ਜਾਣਾ ਸਮਾਜ ਲਈ ਵੱਡਾ ਘਾਟਾ ਹੈ।

ਇਸ ਘਟਨਾ ਪਿਛਲੇ ਅਪਰਾਧੀਆਂ ਪ੍ਰਤੀ ਸਖ਼ਤ ਰੁਖ਼ ਅਪਣਾਉਂਦਿਆਂ ਅਮਨ ਅਰੋੜਾ ਨੇ ਐਲਾਨ ਕੀਤਾ ਕਿ ਸੂਬਾ ਸਰਕਾਰ ਨੇ ਇਸ ਸਬੰਧੀ ਪੰਜਾਬ ਪੁਲਿਸ ਨੂੰ ਪਹਿਲਾਂ ਹੀ ਸਪੱਸ਼ਟ ਅਤੇ ਸਖ਼ਤ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਜਿਸ ਕਿਸੇ ਨੇ ਵੀ ਕਾਨੂੰਨ-ਵਿਵਸਥਾ ਨੂੰ ਭੰਗ ਕਰਦਿਆਂ ਇਸ ਅਪਰਾਧ ਨੂੰ ਅੰਜ਼ਾਮ ਦਿੱਤਾ ਹੈ, ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਪੁਲਿਸ ਸਰਗਰਮੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰ ਰਹੀ ਹੈ ਅਤੇ ਮੁਲਜ਼ਮ ਜਲਦ ਹੀ ਕਾਨੂੰਨ ਦੇ ਕਟਹਿਰੇ ਵਿੱਚ ਹੋਣਗੇ।

ਸੂਬੇ ਵਿੱਚ ਗੈਂਗਸਟਰਵਾਦ ਲਈ ਪਿਛਲੀਆਂ ਸਰਕਾਰਾਂ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਅਮਨ ਅਰੋੜਾ ਨੇ ਕਿਹਾ ਕਿ ਪਿਛਲੇ 10-15 ਸਾਲਾਂ ਦੌਰਾਨ ਤਤਕਾਲੀ ਸਰਕਾਰਾਂ ਦੇ ਕੁਸ਼ਾਸਨ ਅਤੇ ਗੈਂਗਸਟਰਾਂ ਦੀ ਪੁਸ਼ਤਪਨਾਹੀ ਨੇ ਇਹ ਹਾਲਾਤ ਪੈਦਾ ਕੀਤੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਗੈਂਗਸਟਰਵਾਦ ਨਾਂ ਦਾ ਇਹ ਕੋਹੜ ਪਿਛਲੇ ਦਹਾਕਿਆਂ ਦੌਰਾਨ ਪਾਲਿਆ ਅਤੇ ਫੈਲਾਇਆ ਗਿਆ। ਉਸ ਦੌਰ ਦੀ ਸਿਆਸੀ ਪੁਸ਼ਤਪਨਾਹੀ ਇਸ ਖ਼ਤਰਨਾਕ ਵਰਤਾਰੇ ਨੂੰ ਐਨੇ ਵੱਡੇ ਪੱਧਰ 'ਤੇ ਵਧਣ ਦੇਣ ਲਈ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੈ।ਅਮਨ ਅਰੋੜਾ ਨੇ ਸਪੱਸ਼ਟ ਕਿਹਾ ਕਿ ਸਾਡੀ ਸਰਕਾਰ ਜਾਂ ਪਾਰਟੀ ਵਿੱਚ ਕੋਈ ਵੀ ਵਿਅਕਤੀ ਗੈਂਗਸਟਰਾਂ, ਨਸ਼ਾ ਤਸਕਰਾਂ ਜਾਂ ਅਪਰਾਧੀਆਂ ਦੀ ਸਰਪ੍ਰਸਤੀ ਨਹੀਂ ਕਰਦਾ। ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਜਿਹੇ ਤੱਤਾਂ ਲਈ ਰਾਜਸੀ ਸੁਰੱਖਿਆ ਦੀ ਪ੍ਰਣਾਲੀ ਪੂਰੀ ਖਤਮ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਨੂੰ ਅਪਰਾਧ-ਮੁਕਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਅਰੋੜਾ ਨੇ ਕਿਹਾ ਕਿ ਇਸ ਨੈੱਟਵਰਕ ਨੂੰ ਜੜ੍ਹੋਂ ਪੁੱਟਣ ਲਈ ਨਿਰੰਤਰ ਯਤਨ ਕੀਤੇ ਜਾ ਰਹੇ ਹਨ। ਮਾਨ ਸਰਕਾਰ ਗੈਂਗਸਟਰਵਾਦ ਅਤੇ ਗੁੰਡਾਗਰਦੀ ਦੀ ਇਸ ਬਿਮਾਰੀ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਲਈ ਵਚਨਬੱਧ ਹੈ ਅਤੇ ਇਸ ਮਿਸ਼ਨ ਵਿੱਚ ਪੂਰੀ ਤਰ੍ਹਾਂ ਰੁੱਝੀ ਹੋਈ ਹੈ। ਅਸੀਂ ਰਾਜ ਵਿੱਚ ਅਪਰਾਧੀਆਂ ਖ਼ਿਲਾਫ਼ ਸਭ ਤੋਂ ਸਖ਼ਤ ਕਾਰਵਾਈ ਕਰ ਰਹੇ ਹਾਂ, ਦੂਜੇ ਰਾਜਾਂ ਜਾਂ ਇੱਥੋਂ ਤੱਕ ਕਿ ਵਿਦੇਸ਼ਾਂ ਵਿੱਚ ਬੈਠੇ ਅਪਰਾਧੀ, ਜਿਨਾਂ ਦੇ ਇਸ਼ਾਰੇ ਤੇ ਇੱਥੇ ਅਪਰਾਧਿਕ ਗਤੀਵਿਧੀਆਂ ਹੁੰਦੀਆਂ ਹਨ, ਵੀ ਵੱਡੀ ਚੁਣੌਤੀ ਹਨ।




ਉਨ੍ਹਾਂ ਨੇ ਵਿਦੇਸ਼ਾਂ ਵਿੱਚ ਸਰਗਰਮ ਅਜਿਹੇ ਭਗੌੜਿਆਂ ਦੀ ਹਵਾਲਗੀ ਵਿੱਚ ਕੇਂਦਰ ਸਰਕਾਰ ਨੂੰ ਹੋਰ ਸਹਿਯੋਗ ਦੇਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਜਦੋਂ ਗੁਜਰਾਤ ਦੀ ਜੇਲ੍ਹ ਵਿੱਚ ਬੈਠਾ ਬਿਸ਼ਨੋਈ ਵਰਗਾ ਗੈਂਗਸਟਰ, ਜਾਂ ਵਿਦੇਸ਼ਾਂ ਵਿੱਚ ਬੈਠੇ ਅਪਰਾਧੀ ਭਾਰਤ ਵਿੱਚ ਵਾਰਦਾਤਾਂ ਕਰਵਾਉਂਦੇ ਹਨ, ਤਾਂ ਕੇਂਦਰ ਸਰਕਾਰ ਦੀ ਭੂਮਿਕਾ ਸਭ ਤੋਂ ਅਹਿਮ ਹੋ ਜਾਂਦੀ ਹੈ। ਸਾਨੂੰ ਇਨ੍ਹਾਂ ਅਪਰਾਧੀਆਂ ਦੇ ਅੰਤਰਰਾਸ਼ਟਰੀ ਸਬੰਧਾਂ ਨੂੰ ਤੋੜਨ ਲਈ ਕੇਂਦਰ ਦੇ ਪੂਰੇ ਅਤੇ ਬੇਰੋਕ ਸਹਿਯੋਗ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਸਰਪੰਚ 'ਤੇ ਹਮਲਾ ਨਹੀਂ ਹੈ ਸਗੋਂ ਸੂਬੇ ਦੀ ਅਮਨ ਸ਼ਾਂਤੀ 'ਤੇ ਹਮਲਾ ਹੈ। ਰਾਜ ਸਰਕਾਰ ਉਦੋਂ ਤੱਕ ਆਰਾਮ ਨਹੀਂ ਕਰੇਗੀ ਜਦੋਂ ਤੱਕ ਇਸ ਅਪਰਾਧ ਅਤੇ ਹਿੰਸਾ ਦੇ ਇਸ ਵਿਸ਼ਾਲ ਨੈੱਟਵਰਕ ਵਿੱਚ ਸ਼ਾਮਲ ਹਰ ਵਿਅਕਤੀ ਨੂੰ ਨਿਆਂ ਦੇ ਕਟਹਿਰੇ ਵਿੱਚ ਨਹੀਂ ਖੜ੍ਹਾ ਕਰਦੀ।

Space available for Ad
Contact # +1 (209) 303-1260





# RE/MAX EXECUTIVE

## ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।

**Kirandeep Kaur**

Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


GHUMAN
LAW GROUP INC.
Ghuman Law Group
ਤੁਹਾਡੇ ਲਈ ਲੈ ਕੇ ਆਏ ਨੇ
AMERICA ਵਿੱਚ
BUSINESS ਕਰਨ ਦਾ ਸੁਨਿਹਰੀ ਮੌਕਾ !
ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ
ਆਓ E-2 Investor Visa ਰਾਹੀਂ
ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ
PASSPORT
GHUMAN LAW GROUP
ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ
ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ
ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ
2 ਸਾਲ ਦਾ Work Permit
Spouse ਨੂੰ ਮਿਲੇਗਾ Open Work Permit
ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ
ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ
MON - FRI, 9:00 AM - 3:00 PM
+1 (223) 300-0001 | www.ghumanlawgroup.org
2450 VENTURE OAKS WAY, STE 225 SACRAMENTO, CA

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੈਮਿਓਪੈਥਿਕ ਕਨਸਲਟੈਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday Friday in Punjabi.


## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# ਅੰਮ੍ਰਿਤਸਰ ਹਵਾਈ ਅੱਡੇ ਦੇ ਨਵੇਂ ਡਾਇਰੈਕਟਰ ਕੋਲ ਅੰਮ੍ਰਿਤਸਰ ਵਿਕਾਸ ਮੰਚ ਅਤੇ ਫਲਾਈ ਅੰਮ੍ਰਿਤਸਰ ਨੇ ਯਾਤਰੀ ਸਹੂਲਤਾਂ ਤੇ ਬੁਨਿਆਦੀ ਢਾਂਚੇ ਦੇ ਅਹਿਮ ਮੁੱਦੇ ਉਠਾਏ

ਅੰਮ੍ਰਿਤਸਰ
ਡਾ.ਰਾਜਿੰਦਰ ਰਿਖੀ

ਅੰਮ੍ਰਿਤਸਰ ਵਿਕਾਸ ਮੰਚ ਅਤੇ ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਇੱਕ ਵਫ਼ਦ ਵੱਲੋਂ ਸ੍ਰੀ ਗੁਰੂ ਰਾਮ ਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡਾ, ਅੰਮ੍ਰਿਤਸਰ ਦੇ ਨਵ-ਨਿਯੁਕਤ ਡਾਇਰੈਕਟਰ ਭੁਪਿੰਦਰਾ ਸਿੰਘ ਨਾਲ ਮੁਲਾਕਾਤ ਕੀਤੀ ਗਈ। ਹਵਾਈ ਅੱਡੇ ਸਥਿਤ ਉਨ੍ਹਾਂ ਦੇ ਦਫ਼ਤਰ ਵਿੱਚ ਹੋਈ ਇਸ ਮੀਟਿੰਗ ਦੌਰਾਨ ਵਫ਼ਦ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਹਵਾਈ ਅੱਡੇ ਨਾਲ ਸਬੰਧਤ ਲੰਬੇ ਸਮੇਂ ਤੋਂ ਲਟਕ ਰਹੇ ਅਹਿਮ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ।ਮੀਟਿੰਗ ਦੌਰਾਨ ਵਫ਼ਦ ਨੇ ਹਵਾਈ ਅੱਡੇ ਦੇ ਬੁਨਿਆਦੀ ਢਾਂਚੇ ਅਤੇ ਯਾਤਰੀ ਸਹੂਲਤਾਂ ਵਿੱਚ ਸੁਧਾਰ ਦੀ ਮੰਗ ਕਰਦਿਆਂ ਕਈ ਗੰਭੀਰ ਚਿੰਤਾਵਾਂ ਪ੍ਰਗਟਾਈਆਂ। ਇਨ੍ਹਾਂ ਵਿੱਚ ਪਾਰਕਿੰਗ ਵਿੱਚ ਯਾਤਰੀਆਂ ਤੋਂ ਕੀਤੀ ਜਾ ਰਹੀ ਵੱਧ ਵਸੂਲੀ, ਏਅਰਲਾਈਨਾਂ ਅਤੇ ਗਰਾਊਂਡ-ਹੈਂਡਲਿੰਗ ਸਟਾਫ਼ ਵੱਲੋਂ ਯਾਤਰੀਆਂ ਦੀ ਸਹਾਇਤਾ ਅਤੇ ਗਾਹਕ ਸੇਵਾ ਵਿੱਚ ਕਮੀ, ਇਨ-ਲਾਈਨ ਐਕਸ-ਰੇ ਬੈਗੇਜ ਦੇ ਸੰਚਾਲਨ ਵਿੱਚ ਆ ਰਹੀਆਂ ਦਿੱਕਤਾਂ, ਪਖਾਨਿਆਂ ਦੀ ਮਾੜੀ ਹਾਲਤ ਅਤੇ ਟਰਮੀਨਲ ਬਿਲਡਿੰਗ ਦੇ ਕੁਝ ਹਿੱਸਿਆਂ ਵਿੱਚੋਂ ਪਾਣੀ ਦੇ ਲੀਕ ਵਰਗੇ ਮੁੱਦੇ ਪ੍ਰਮੁੱਖ ਸਨ। ਵਫ਼ਦ ਨੇ ਜ਼ੋਰ ਦੇ ਕੇ ਕਿਹਾ ਕਿ ਯਾਤਰੀਆਂ ਦੇ ਤਜ਼ਰਬੇ ਨੂੰ ਸੁਖਾਵਾਂ ਅਤੇ ਪਾਰਦਰਸ਼ੀ ਬਣਾਉਣ ਲਈ ਸਖ਼ਤ ਨਿਗਰਾਨੀ ਅਤੇ ਜਵਾਬਦੇਹੀ ਤੈਅ ਕੀਤੀ ਜਾਣੀ ਚਾਹੀਦੀ ਹੈ।
ਇਸ ਤੋਂ ਇਲਾਵਾ, ਵਫ਼ਦ ਨੇ ਚੰਡੀਗੜ੍ਹ ਹਵਾਈ ਅੱਡੇ ਦੀ ਤਰਜ਼ 'ਤੇ ਅੰਮ੍ਰਿਤਸਰ ਹਵਾਈ ਅੱਡੇ ਲਈ ਵੀ ਏਅਰਲਾਈਨਾਂ ਨੂੰ ਵਿਸ਼ੇਸ਼ ਰਿਆਇਤਾਂ ਦੇਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਅੰਤਰਰਾਸ਼ਟਰੀ ਏਅਰਲਾਈਨਾਂ ਨੂੰ ਉਹਨਾਂ ਦੀ ਤਰਜੀਹ ਵਾਲੇ ਸਮੇਂ ਦੇ ਸਲਾਟ ਦਿੱਤੇ ਜਾਣੇ ਚਾਹੀਦੇ ਹਨ ਤਾਂ ਜੋ ਪੰਜਾਬ ਦੇ ਅੰਤਰਰਾਸ਼ਟਰੀ ਸੰਪਰਕ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਡਾਇਰੈਕਟਰ ਭੁਪਿੰਦਰਾ ਸਿੰਘ ਨੇ ਵਫ਼ਦ ਦੇ ਸੁਝਾਵਾਂ ਨੂੰ ਹਾਂ-ਪੱਖੀ ਹੁੰਗਾਰਾ ਦਿੱਤਾ। ਉਨ੍ਹਾਂ ਦੱਸਿਆ ਕਿ ਕਈ ਮੁੱਦਿਆਂ 'ਤੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਯਾਤਰੀਆਂ ਦੀ ਵਧਦੀ ਗਿਣਤੀ ਨੂੰ ਦੇਖਦਿਆਂ ਹਵਾਈ ਅੱਡੇ ਦੇ ਵਿਸਥਾਰ ਦੀਆਂ ਯੋਜਨਾਵਾਂ 'ਤੇ ਵੀ ਲਗਾਤਾਰ ਕੰਮ ਜਾਰੀ ਹੈ।ਮੀਟਿੰਗ ਵਿੱਚ ਅੰਮ੍ਰਿਤਸਰ ਵਿਕਾਸ ਮੰਚ ਦੇ ਸਰਪ੍ਰਸਤ ਮਨਮੋਹਨ ਸਿੰਘ, ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਗਿੱਲ, ਜਨਰਲ ਸਕੱਤਰ ਅਤੇ ਫਲਾਈ ਅੰਮ੍ਰਿਤਸਰ ਦੇ ਕਨਵੀਨਰ (ਇੰਡੀਆ) ਯੋਗੇਸ਼ ਕਾਮਰਾ, ਜਤਿੰਦਰਪਾਲ ਸਿੰਘ ਅਤੇ ਕਰਨ ਸਿੰਘ ਸ਼ਾਮਲ ਸਨ।ਮੰਚ ਅਤੇ ਇਨੀਸ਼ੀਏਟਿਵ ਨੇ ਬੀਤੇ ਮਹੀਨੇ ਇੰਡੀਗੋ ਦੀਆਂ ਉਡਾਣਾਂ ਪ੍ਰਭਾਵਿਤ ਹੋਣ ਸਮੇਂ ਬਜ਼ੁਰਗਾਂ ਅਤੇ ਬੱਚਿਆਂ ਵਾਲੇ ਪਰਿਵਾਰਾਂ ਸਮੇਤ ਯਾਤਰੀਆਂ ਦੀ ਸਹਾਇਤਾ ਲਈ ਹਵਾਈ ਅੱਡਾ ਪ੍ਰਬੰਧਕਾਂ ਵੱਲੋਂ ਕੀਤੇ ਗਏ ਯਤਨਾਂ ਦੀ ਵੀ ਪ੍ਰਸ਼ੰਸਾ ਕੀਤੀ। ਇਨੀਸ਼ੀਏਟਿਵ ਦੇ ਗਲੋਬਲ ਕਨਵੀਨਰ ਸਮੀਪ ਸਿੰਘ ਗੁਮਟਾਲਾ ਨੇ ਨਵੇਂ ਡਾਇਰੈਕਟਰ ਦੇ



ਕਾਰਜਕਾਲ ਸੰਭਾਲਣ ਤੋਂ ਬਾਅਦ ਹਵਾਈ ਅੱਡੇ ਦੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਲਗਾਤਾਰ ਉਡਾਣਾਂ ਦੀ ਜਾਣਕਾਰੀ, ਧੁੰਦ ਕਾਰਨ ਪ੍ਰਭਾਵਿਤ ਹੋਣ ਵਾਲੀਆਂ ਉਡਾਣਾਂ ਦੀ ਰੋਜ਼ਾਨਾਂ ਜਾਣਕਾਰੀ ਅਤੇ ਪੰਜਾਬੀ ਭਾਸ਼ਾ ਵਿੱਚ ਜਾਣਕਾਰੀ ਸਾਂਝੀ ਕਰਨ ਦੀ ਪਹਿਲਕਦਮੀ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਇਹ ਪੰਜਾਬੀ ਮੁਸਾਫ਼ਰਾਂ ਨਾਲ ਬਿਹਤਰ ਤਾਲਮੇਲ ਸਥਾਪਤ ਕਰਨ ਵੱਲ ਇੱਕ ਸਾਰਥਕ ਕਦਮ ਹੈ।ਮੰਚ ਅਤੇ ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਆਗੂਆਂ ਨੇ ਯਾਤਰੀ ਸੇਵਾਵਾਂ ਨੂੰ ਬਿਹਤਰ ਬਣਾਉਣ, ਬੁਨਿਆਦੀ ਢਾਂਚੇ ਵਿੱਚ ਸੁਧਾਰ ਕਰਨ ਅਤੇ ਅੰਮ੍ਰਿਤਸਰ ਨੂੰ ਪੰਜਾਬ ਦੇ ਪ੍ਰਮੁੱਖ ਅੰਤਰਰਾਸ਼ਟਰੀ ਹਵਾਈ ਮਾਰਗ ਵਜੋਂ ਮਜ਼ਬੂਤ ਕਰਨ ਲਈ ਹਵਾਈ ਅੱਡਾ ਅਥਾਰਟੀ ਦੇ ਨਾਲ ਮਿਲ ਕੇ ਕੰਮ ਕਰਨ ਦੀ ਆਪਣੀ ਵਚਨਬੱਧਤਾ ਨੂੰ ਮੁੜ ਦੁਹਰਾਇਆ।

# ਨੰਗੇ ਪੈਰੀਂ ਚੱਲ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਪੇਸ਼ ਹੋਏ ਤਰੁਨਪ੍ਰੀਤ ਸਿੰਘ ਸੌਂਦ

ਅੰਮ੍ਰਿਤਸਰ
ਧੈਰਿਆ ਮਹਿਰਾ

ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਸੋਮਵਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਸਾਹਿਬ ਵਲੋਂ ਪ੍ਰਾਪਤ ਹੋਏ ਆਦੇਸ਼ ਉੱਤੇ ਵਿਭਾਗ ਵਲੋਂ ਸਪੱਸ਼ਟੀਕਰਨ ਦੇਣ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋਏ।
ਉਹ ਨੰਗੇ ਪੈਰ ਚੱਲ ਕੇ ਸ੍ਰੀ ਦਰਬਾਰ ਸਾਹਿਬ ਪੁੱਜੇ ਅਤੇ ਉੱਥੋਂ ਦੇਗ ਕਰਵਾ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਨਤਮਸਤਕ ਹੋਏ।ਉਨ੍ਹਾਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਿੰਘ ਸਾਹਿਬਾਨ ਕੋਲ ਆਪਣਾ ਸਪੱਸ਼ਟੀਕਰਨ ਦਿੱਤਾ। ਇਸ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੌਂਦ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਾਡੀ ਸੁਪਰੀਮ ਸੰਸਥਾ ਹੈ ਅਤੇ ਸਿੰਘ ਸਾਹਿਬਾਨ ਵਲੋਂ ਦਿੱਤਾ ਗਿਆ ਹਰ ਆਦੇਸ਼ ਸਾਡੇ ਲਈ ਰੱਬੀ ਹੁਕਮ ਹੈ।
ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਪੁਰਬ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਭਾਈ ਜੈਤਾ ਜੀ ਸਮਾਰਕ ਬਣਾਇਆ ਗਿਆ ਹੈ, ਜਿਸ ਵਿੱਚ ਲਗਾਈ ਗਈ ਇਕ ਤਸਵੀਰ ਨੂੰ ਲੈ ਕੇ ਜੱਥੇਦਾਰ ਸਾਹਿਬ ਨੇ ਇਤਰਾਜ ਜਤਾਉਂਦਿਆਂ ਤਲਬ ਕੀਤਾ ਸੀ। ਉਨ੍ਹਾਂ ਦੱਸਿਆ ਕਿ ਅਸੀਂ ਉਨਾਂ ਦੇ ਇਤਰਾਜ ਅਨੁਸਾਰ ਤਸਵੀਰ ਤਾਂ ਉਸੇ ਦਿਨ ਹੀ ਦਰੁਸਤ ਕਰ ਦਿੱਤੀ ਸੀ, ਪਰ ਵਿਭਾਗ ਦਾ ਮੁਖੀ ਹੋਣ ਦੇ ਨਾਤੇ ਉਹ ਸੋਮਵਾਰ ਨੂੰ ਸਪੱਸ਼ਟੀਕਰਨ ਦੇਣ ਲਈ ਆਏ ਹਨ।ਉਨ੍ਹਾਂ ਦੱਸਿਆ ਕਿ ਸਿੰਘ ਸਾਹਿਬਾਨ ਨੇ ਮੇਰਾ ਪੱਖ ਸੁਣਦੇ ਹੋਏ ਹੁਕਮ ਦਿੱਤਾ ਹੈ ਕਿ ਵਿਭਾਗ ਵੱਲੋਂ ਕਰਵਾਏ ਜਾਂਦੇ ਕਿਸੇ ਵੀ ਕੰਮ ਵਿੱਚ ਸਿੱਖ ਧਰਮ ਦੀ ਮਰਿਯਾਦਾ ਨੂੰ ਯਕੀਨੀ ਬਣਾਇਆ ਜਾਵੇ ਅਤੇ ਗੁਰੂਆਂ ਤੇ ਸ਼ਹੀਦਾਂ ਦੇ ਸਤਿਕਾਰ ਵਿੱਚ ਕੋਈ ਕੁਤਾਹੀ ਨਾ ਹੋਵੇ।
ਸੌਂਦ ਨੇ ਦੱਸਿਆ ਕਿ ਸਿੰਘ ਸਾਹਿਬਾਨ ਨੇ ਇਹ ਵੀ ਕਿਹਾ ਹੈ ਕਿ ਗੁਰਮਤਿ ਵਿਚਾਰਧਾਰਾ ਦੇ ਧਾਰਨੀ ਕਿਸੇ ਵਿਦਵਾਨ ਅਧਿਕਾਰੀ ਨੂੰ ਵਿਭਾਗ ਵਿੱਚ ਨਿਯੁਕਤ ਕੀਤਾ ਜਾਵੇ।ਸੌਂਦ ਨੇ ਕਿਹਾ ਕਿ ਇਸ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਜਾਣੂੰ ਕਰਵਾ ਕੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਭਵਿੱਖ ਵਿੱਚ ਕੋਈ ਵੀ ਗਲਤੀ ਸਾਡੇ ਕੋਲੋਂ ਜਾਣੇ-ਅਨਜਾਣੇ ਵਿੱਚ ਨਾ ਹੋਵੇ।
ਉਨ੍ਹਾਂ ਕਿਹਾ ਕਿ ਵਿਭਾਗ ਨੂੰ ਵੀ ਇਸ ਸਬੰਧੀ ਸਖ਼ਤ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ ਕਿ ਜਦੋਂ ਵੀ ਧਰਮ ਨਾਲ ਸਬੰਧਤ ਕੋਈ ਵੀ ਪ੍ਰੋਗਰਾਮ ਜਾਂ ਕੰਮ ਕੀਤਾ ਜਾਵੇ ਤਾਂ ਇਸ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਕੋਲੋਂ ਅਗਵਾਈ ਲਈ ਜਾਣੀ ਯਕੀਨੀ ਬਣਾਈ ਜਾਵੇ।



# ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਦੀ ਦਾਖਲਾ ਪ੍ਰੀਖਿਆ
## 48 ਸੀਟਾਂ ਲਈ 3 ਹਜ਼ਾਰ ਤੋਂ ਵੱਧ ਉਮੀਦਵਾਰਾਂ ਨੇ ਦਿੱਤੀ ਪ੍ਰੀਖਿਆ

ਮੋਹਾਲੀ
ਸਾਂਝੀ ਸੋਚ ਬਿਊਰੋ

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਐਸ.ਏ.ਐਸ. ਨਗਰ (ਮੋਹਾਲੀ) ਦੇ 16ਵੇਂ ਕੋਰਸ ਲਈ ਦਾਖ਼ਲਾ ਪ੍ਰੀਖਿਆ ਵਿੱਚ ਕੁੱਲ 3,256 ਲੜਕੇ ਬੈਠੇ। ਇਹਨਾਂ ਵਿੱਚੋਂ 48 ਉਮੀਦਵਾਰਾਂ ਨੂੰ ਸੰਸਥਾ ਵਿੱਚ ਦੋ ਸਾਲਾਂ ਦੇ ਸਿਖਲਾਈ ਪ੍ਰੋਗਰਾਮ ਲਈ ਚੁਣਿਆ ਜਾਵੇਗਾ ਤਾਂ ਜੋ ਉਨ੍ਹਾਂ ਨੂੰ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.) ਅਤੇ ਹੋਰ ਆਰਮਡ ਫੋਰਸਿਜ਼ ਟ੍ਰੇਨਿੰਗ ਅਕੈਡਮੀਆਂ ਵਿੱਚ ਦਾਖਲੇ ਲਈ ਤਿਆਰ ਕੀਤਾ ਜਾ ਸਕੇ, ਜਿਸ ਨਾਲ ਉਨ੍ਹਾਂ ਦਾ ਰੱਖਿਆ ਸੇਵਾਵਾਂ ਵਿੱਚ ਕਮਿਸ਼ਨਡ ਅਫਸਰ ਬਣਨ ਦਾ ਰਾਹ ਪੱਧਰਾ ਹੋਵੇਗਾ।ਜ਼ਿਕਰਯੋਗ ਹੈ ਕਿ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਅਗਵਾਈ ਹੇਠ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਵਿਭਾਗ ਅਧੀਨ ਚਲਾਈ ਜਾ ਰਹੀ ਇਸ ਵੱਕਾਰੀ ਸੰਸਥਾ ਦਾ ਸ਼ਾਨਦਾਰ ਰਿਕਾਰਡ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੀ ਸੱਤਾ ਸੰਭਾਲਣ ਤੋਂ ਬਾਅਦ ਇਸ ਸੰਸਥਾ ਦੇ 100 ਕੈਡਿਟ ਐਨ.ਡੀ.ਏ./ਬਰਾਬਰ ਦੀਆਂ ਅਕੈਡਮੀਆਂ ਵਿੱਚ ਸ਼ਾਮਲ ਹੋਏ ਹਨ ਅਤੇ 84 ਕੈਡਿਟ ਭਾਰਤ ਦੇ ਰੱਖਿਆ ਬਲਾਂ ਵਿੱਚ ਕਮਿਸ਼ਨਡ ਅਫਸਰ ਬਣੇ ਹਨ।ਸੰਸਥਾ ਦੇ ਡਾਇਰੈਕਟਰ ਮੇਜਰ ਜਨਰਲ ਅਜੈ ਐਚ ਚੌਹਾਨ, ਵੀ.ਐਸ.ਐਮ. (ਸੇਵਾਮੁਕਤ), ਨੇ ਕਿਹਾ ਕਿ ਇਹ ਦਾਖਲਾ ਪ੍ਰੀਖਿਆ ਚਾਰ ਕੇਂਦਰਾਂ, ਸਕੂਲ ਆਫ਼ ਐਮੀਨੈਂਸ (ਫੇਜ਼-11 ਅਤੇ ਫੇਜ਼-3ਬੀ1, ਮੋਹਾਲੀ), ਪੁਲਿਸ ਡੀ.ਏ.ਵੀ. ਪਬਲਿਕ ਸਕੂਲ, ਜਲੰਧਰ ਅਤੇ ਲਾਰਡ ਰਾਮਾ ਪਬਲਿਕ ਸਕੂਲ, ਬਠਿੰਡਾ ਵਿਖੇ ਕਰਵਾਈ ਗਈ। ਸੀ-ਡੈਕ ਵੱਲੋਂ ਕਰਵਾਈ ਗਈ ਇਸ ਪ੍ਰੀਖਿਆ ਰਾਹੀਂ ਸੰਸਥਾ ਵਿੱਚ ਦੋ ਸਾਲਾਂ ਦੀ ਸਖ਼ਤ ਸਿਖਲਾਈ ਲਈ ਉਮੀਦਵਾਰਾਂ ਦੀ ਚੋਣ ਕੀਤੀ ਜਾਵੇਗੀ ਤਾਂ ਜੋ ਉਨ੍ਹਾਂ ਨੂੰ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.) ਅਤੇ ਹੋਰ ਡਿਫੈਂਸ ਅਕੈਡਮੀਆਂ ਲਈ ਤਿਆਰ ਕੀਤਾ ਜਾ ਸਕੇ।ਮੇਜਰ ਜਨਰਲ ਅਜੈ ਐਚ ਚੌਹਾਨ ਨੇ ਦੱਸਿਆ ਕਿ ਇਹਨਾਂ ਵਿੱਚੋਂ ਚੋਟੀ ਦੇ 150 ਉਮੀਦਵਾਰਾਂ ਨੂੰ 10ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਤੋਂ ਬਾਅਦ ਇੰਟਰਵਿਊ ਅਤੇ ਮੈਡੀਕਲ ਟੈਸਟ ਲਈ ਬੁਲਾਇਆ ਜਾਵੇਗਾ ਅਤੇ ਇਹਨਾਂ ਵਿੱਚੋਂ 48 ਉਮੀਦਵਾਰਾਂ ਨੂੰ ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਵਿਖੇ ਦੋ ਸਾਲਾਂ ਦੇ ਸਿਖਲਾਈ ਕੋਰਸ ਲਈ ਚੁਣਿਆ ਜਾਵੇਗਾ। ਉਨ੍ਹਾਂ ਕਿਹਾ ਕਿ ਚੁਣੇ ਗਏ ਉਮੀਦਵਾਰਾਂ ਨੂੰ ਤਜਰਬੇਕਾਰ ਫੈਕਲਟੀ ਵੱਲੋਂ ਸਿਖਲਾਈ ਦਿੱਤੀ ਜਾਵੇਗੀ, ਜਿਸ ਵਿੱਚ ਉਨ੍ਹਾਂ ਨੂੰ ਅਕਾਦਮਿਕ, ਫਿਜ਼ੀਕਲ ਟਰੇਨਿੰਗ ਅਤੇ ਲੀਡਰਸ਼ਿਪ ਹੁਨਰ ਸਿਖਾਏ ਜਾਣਗੇ। ਇਹ ਪੰਜਾਬ ਦੇ ਨੌਜਵਾਨਾਂ ਲਈ ਦੇਸ਼ ਦੀ ਸੇਵਾ ਕਰਨ ਦਾ ਇੱਕ ਬਿਹਤਰੀਨ ਮੌਕਾ ਹੈ।




JVS LOGISTICS
2345 Enterprise Park Place Indianapolis Indiana, 46218
• ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
• ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
• ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ
• ਕਰਾਸ ਡੌਕ ਸੇਵਾਵਾਂ
• ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
• ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
• ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
• ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ
jvslogisticsllc@outlook.com
JUGDEV SAMRA (317) 379-4065
SUKHDEV SAMRA (317) 250-3545
ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD, SACRAMENTO, CA 95841
+1-917-915-4142
FREMONT, CA
3155 KEARNEY ST, SUITE #248, FREMONT, CA 94538
+1-510-657-6444
NEW YORK, NY
108-14 JAMAICA AVENUE, RICHMOND HILL, NY 11418
+1-718-533-8444
FRESNO, CA
1625 E SHAW AVE #122, FRESNO, CA 93711
+1-559-271-5511
NEW JERSEY, NJ
2060 OAK TREE ROAD #1, EDISON, NEW JERSEY, 08820
+1-732-453-6699
LOS ANGELES, CA
1013 N BEGONIA AVE, ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


JK TYRE INC
JK TYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
BARKLEY
Feel the difference
PIRELLI
MICHELIN
A better way forward
BRIDGESTONE
Firestone
YOKOHAMA
PEARLY
NAMA
TOYO TIRES
driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205

# ਹਰਜਿੰਦਰ ਸਿੰਘ ਧਾਮੀ ਕਹਿੰਦੇ ਹਨ ਕਿ ਉਨ੍ਹਾਂ ਨੂੰ ਅਕਾਲੀ ਦਲ ਦਾ ਸਿਪਾਹੀ ਹੋਣ 'ਤੇ ਮਾਣ ਹੈ, ਜਦੋਂ ਕਿ ਉਨ੍ਹਾਂ ਨੂੰ ਗੁਰੂ ਸਾਹਿਬ ਦਾ ਸਿਪਾਹੀ ਹੋਣਾ ਚਾਹੀਦਾ ਹੈ: ਬਲਤੇਜ ਪੰਨੂ

ਚੰਡੀਗੜ੍ਹ ਸਾਂਝੀ ਸੋਚ ਬਿਊਰੋ




ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਐਤਵਾਰ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ 'ਤੇ ਤਿੱਖਾ ਹਮਲਾ ਕਰਦਿਆਂ ਉਨ੍ਹਾਂ 'ਤੇ ਇਨਸਾਫ਼, ਸੱਚ ਅਤੇ ਗੁਰੂ ਸਾਹਿਬ ਦੇ ਨਾਲ ਖੜ੍ਹਨ ਦੀ ਬਜਾਏ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਬੁਲਾਰੇ ਵਜੋਂ ਕੰਮ ਕਰਨ ਦਾ ਦੋਸ਼ ਲਾਇਆ।

ਇੱਕ ਦਿਨ ਪਹਿਲਾਂ ਚੰਡੀਗੜ੍ਹ ਵਿੱਚ ਹਰਜਿੰਦਰ ਸਿੰਘ ਧਾਮੀ ਵੱਲੋਂ ਕੀਤੀ ਗਈ ਪ੍ਰੈਸ ਕਾਨਫਰੰਸ ਦਾ ਜਵਾਬ ਦਿੰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਹਰਜਿੰਦਰ ਸਿੰਘ ਧਾਮੀ ਨੇ ਦਾਅਵਾ ਕੀਤਾ ਸੀ ਕਿ ਉਹ ਮੀਡੀਆ ਰਾਹੀਂ ਆਪਣਾ ਪੱਖ ਲੋਕਾਂ ਸਾਹਮਣੇ ਰੱਖਣਾ ਚਾਹੁੰਦੇ ਹਨ। ਪੰਨੂ ਨੇ ਟਿੱਪਣੀ ਕੀਤੀ ਕਿ ਹਰਜਿੰਦਰ ਸਿੰਘ ਧਾਮੀ ਦੀ ਪ੍ਰੈਸ ਕਾਨਫਰੰਸ ਦਾ ਸੱਦਾ ਇੱਕ ਸਿਆਸੀ ਪਾਰਟੀ, ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਜਾਰੀ ਕੀਤਾ ਗਿਆ ਸੀ। ਧਾਮੀ ਸਾਹਿਬ ਅਕਸਰ ਕਹਿੰਦੇ ਹਨ ਕਿ ਉਨ੍ਹਾਂ 'ਤੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਬੁਲਾਰੇ ਹੋਣ ਦੇ ਦੋਸ਼ ਲੱਗਦੇ ਹਨ। ਕੱਲ੍ਹ ਉਨ੍ਹਾਂ ਨੇ ਖੁਦ ਇਹ ਮੰਨ ਲਿਆ ਕਿ ਉਨ੍ਹਾਂ ਨੂੰ ਅਕਾਲੀ ਦਲ ਦਾ ਸਿਪਾਹੀ ਹੋਣ 'ਤੇ ਮਾਣ ਹੈ। ਚੰਗਾ ਹੁੰਦਾ ਜੇ ਉਹ ਗੁਰੂ ਸਾਹਿਬ ਦੇ ਸਿਪਾਹੀ ਹੁੰਦੇ।

ਹਰਜਿੰਦਰ ਸਿੰਘ ਧਾਮੀ ਦੇ ਇਸ ਦਾਅਵੇ 'ਤੇ ਸਖ਼ਤ ਇਤਰਾਜ਼ ਜਤਾਉਂਦੇ ਹੋਏ ਕਿ ਸ਼੍ਰੋਮਣੀ ਕਮੇਟੀ ਐਫ.ਆਈ.ਆਰ.ਨੂੰ ਸਵੀਕਾਰ ਨਹੀਂ ਕਰਦੀ ਅਤੇ ਉਸ ਨੂੰ ਪੁਲਿਸ ਦੀ ਲੋੜ ਨਹੀਂ ਹੈ, ਪੰਨੂ ਨੇ ਕਿਹਾ ਕਿ ਇਹ ਪੂਰੀ ਤਰ੍ਹਾਂ ਗੁੰਮਰਾਹਕੁੰਨ ਹੈ। ਉਨ੍ਹਾਂ ਸਵਾਲ ਕੀਤਾ, "ਸ਼੍ਰੋਮਣੀ ਕਮੇਟੀ ਖੁਦ ਇੱਕ ਐਕਟ ਦੇ ਤਹਿਤ ਬਣੀ ਹੈ, ਜੋ ਕਿ ਇੱਕ ਕਾਨੂੰਨ ਹੈ। ਜਦੋਂ ਵੀ ਸ਼੍ਰੋਮਣੀ ਕਮੇਟੀ ਅੰਮ੍ਰਿਤਸਰ ਵਿੱਚ ਆਪਣਾ ਜਨਰਲ ਹਾਊਸ ਬੁਲਾਉਂਦੀ ਹੈ, ਤਾਂ ਉਹ ਡਿਪਟੀ ਕਮਿਸ਼ਨਰ ਤੋਂ ਇਜਾਜ਼ਤ ਲੈਂਦੀ ਹੈ। ਤੁਸੀਂ ਕਿਵੇਂ ਕਹਿ ਸਕਦੇ ਹੋ ਕਿ ਤੁਸੀਂ ਐਫ.ਆਈ.ਆਰ. ਜਾਂ ਪੁਲਿਸ ਵਿੱਚ ਵਿਸ਼ਵਾਸ ਨਹੀਂ ਕਰਦੇ? ਬਲਤੇਜ ਪੰਨੂ ਨੇ ਕਈ ਅਜਿਹੇ ਮੌਕਿਆਂ ਦਾ ਹਵਾਲਾ ਦਿੱਤਾ ਜਿੱਥੇ ਸ਼੍ਰੋਮਣੀ ਕਮੇਟੀ ਨੇ ਖੁਦ ਪੁਲਿਸ ਤੱਕ ਪਹੁੰਚ ਕੀਤੀ ਸੀ। ਉਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਸਕੱਤਰ ਵੱਲੋਂ ਟੇਕ ਸਿੰਘ ਧਨੌਲਾ (ਜੋ ਅੱਜ ਜਥੇਦਾਰ ਵਜੋਂ ਨਿਯੁਕਤ ਹਨ) ਦੇ ਖਿਲਾਫ ਦਰਜ ਕਰਵਾਈ ਐਫ.ਆਈ.ਆਰ. ਦਾ ਹਵਾਲਾ ਦਿੱਤਾ। ਉਨ੍ਹਾਂ ਕਿਹਾ, "ਧਾਰਾ 420 ਤਹਿਤ ਐਫ.ਆਈ.ਆਰ. ਦਰਜ ਕੀਤੀ ਗਈ ਸੀ ਅਤੇ ਗ੍ਰਿਫਤਾਰੀ ਵੀ ਹੋਈ ਸੀ। ਇਸ ਲਈ ਜਦੋਂ ਸ਼੍ਰੋਮਣੀ ਕਮੇਟੀ ਨੂੰ ਲੋੜ ਹੁੰਦੀ ਹੈ, ਤਾਂ ਐਫ.ਆਈ.ਆਰ. ਸਵੀਕਾਰ ਹੁੰਦੀ ਹੈ।

ਬੇਅਦਬੀ ਦੇ ਮੁੱਦੇ 'ਤੇ ਬਲਤੇਜ ਪੰਨੂ ਨੇ ਯਾਦ ਦਿਵਾਇਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗਜ ਨੇ ਹਾਲ ਹੀ ਵਿੱਚ ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਸਤਾਵ ਪਹਿਲਾਂ ਹੀ ਪੰਜਾਬ ਵਿਧਾਨ ਸਭਾ ਦੇ ਸਾਹਮਣੇ ਆ ਚੁੱਕਾ ਹੈ। ਇੱਕ ਕਮੇਟੀ ਬਣਾਈ ਗਈ ਹੈ, ਸਾਰੀਆਂ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗਾਂ ਹੋਈਆਂ ਹਨ, ਅਤੇ ਇੱਕ ਸਖ਼ਤ ਰਾਜ ਕਾਨੂੰਨ ਬਣਾਉਣ ਲਈ ਸੁਝਾਅ ਇਕੱਠੇ ਕੀਤੇ ਜਾ ਰਹੇ ਹਨ ਤਾਂ ਜੋ ਕਿਸੇ ਦੀ ਅਜਿਹਾ ਅਪਰਾਧ ਕਰਨ ਦੀ ਹਿੰਮਤ ਨਾ ਪਵੇ।ਆਪ ਪੰਜਾਬ ਦੇ ਮੀਡੀਆ ਇੰਚਾਰਜ ਨੇ ਪੁਰਾਣੇ ਦੋਸ਼ਾਂ ਦਾ ਹਵਾਲਾ ਦੇ ਕੇ ਪੁਲਿਸ 'ਤੇ ਸ਼ੱਕ ਪੈਦਾ ਕਰਨ ਦੀ ਧਾਮੀ ਦੀ ਕੋਸ਼ਿਸ਼ ਨੂੰ ਵੀ ਰੱਦ ਕਰ ਦਿੱਤਾ। ਪੱਤਰਕਾਰੀ ਵਿੱਚ ਆਪਣੇ ਦੋ ਦਹਾਕਿਆਂ ਦੇ ਤਜ਼ਰਬੇ ਦਾ ਹਵਾਲਾ ਦਿੰਦੇ ਹੋਏ ਬਲਤੇਜ ਪੰਨੂ ਨੇ ਕਿਹਾ ਕਿ ਜੇਕਰ ਅਸੀਂ 1996 ਵਿੱਚ ਪਿੱਛੇ ਜਾਈਏ, ਤਾਂ ਪ੍ਰਕਾਸ਼ ਸਿੰਘ ਬਾਦਲ ਨੇ ਵਾਰ-ਵਾਰ ਟਰੁਥ ਕਮੀਸ਼ਨ ਬਣਾਉਣ ਦੀ ਗੱਲ ਕੀਤੀ ਸੀ। ਪਰ ਜਦੋਂ 1997 ਤੋਂ 2002 ਅਤੇ ਫਿਰ 2007 ਤੋਂ 2017 ਤੱਕ ਅਕਾਲੀ ਸਰਕਾਰਾਂ ਰਹੀਆਂ, ਤਾਂ ਉਨ੍ਹਾਂ ਅਫਸਰਾਂ ਨੂੰ ਕਿਸ ਨੇ ਤਰੱਕੀ ਦਿੱਤੀ ਜਿਨ੍ਹਾਂ 'ਤੇ ਨੌਜਵਾਨਾਂ 'ਤੇ ਤਸ਼ੱਦਦ ਦੇ ਦੋਸ਼ ਸਨ? ਸੁਮੇਧ ਸੈਣੀ ਨੂੰ ਡੀ.ਜੀ.ਪੀ. ਕਿਸ ਨੇ ਬਣਾਇਆ? ਮੁਹੰਮਦ ਇਜ਼ਹਾਰ ਆਲਮ ਨੂੰ ਕਿਸ ਨੇ ਉਤਸ਼ਾਹਿਤ ਕੀਤਾ? ਉਸ ਦੇ ਪਰਿਵਾਰ ਨੂੰ ਰਾਜਨੀਤੀ ਵਿੱਚ ਕੌਣ ਲੈ ਕੇ ਆਇਆ? ਧਾਮੀ ਸਾਹਿਬ ਸ਼ਾਇਦ ਇਹ ਸਭ ਭੁੱਲ ਗਏ ਹਨ।

ਉਨ੍ਹਾਂ ਕਿਹਾ ਕਿ ਅਸਲ ਸਵਾਲ ਜਿਸ ਤੋਂ ਹਰਜਿੰਦਰ ਸਿੰਘ ਧਾਮੀ ਬਚ ਰਹੇ ਹਨ, ਉਹ ਸਧਾਰਨ ਅਤੇ ਅਟੱਲ ਹੈ: ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਲਾਪਤਾ ਸਰੂਪ ਕਿੱਥੇ ਹਨ, ਜਿਨ੍ਹਾਂ ਦਾ ਸ਼੍ਰੋਮਣੀ ਕਮੇਟੀ ਅੱਜ ਤੱਕ ਪਤਾ ਲਗਾਉਣ ਵਿੱਚ ਅਸਫਲ ਰਹੀ ਹੈ।

ਈਸ਼ਰ ਸਿੰਘ ਰਿਪੋਰਟ ਦਾ ਹਵਾਲਾ ਦਿੰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਰਿਪੋਰਟ ਵਿੱਚ ਸਪੱਸ਼ਟ ਕਿਹਾ ਗਿਆ ਸੀ ਕਿ ਦੋਸ਼ੀਆਂ ਦੇ ਅਸਤੀਫੇ ਸਵੀਕਾਰ ਨਹੀਂ ਕੀਤੇ ਜਾਣੇ ਚਾਹੀਦੇ, ਕਿਉਂਕਿ ਅਸਤੀਫਿਆਂ ਦੀ ਵਰਤੋਂ ਜ਼ਿੰਮੇਵਾਰੀ ਤੋਂ ਬਚਣ ਅਤੇ ਹੇਠਲੇ ਅਧਿਕਾਰੀਆਂ 'ਤੇ ਦੋਸ਼ ਮੜ੍ਹਨ ਲਈ ਕੀਤੀ ਜਾਵੇਗੀ। ਪੰਨੂ ਨੇ ਇਸ਼ਾਰਾ ਕੀਤ ਕਿ ਇਸ ਦੇ ਬਾਵਜੂਦ ਧਾਮੀ ਸਾਹਿਬ ਨੇ ਰੂਪ ਸਿੰਘ ਦਾ ਅਸਤੀਫਾ ਪ੍ਰਵਾਨ ਕਰ ਲਿਆ। ਇੰਨਾ ਹੀ ਨਹੀਂ, ਉਸ ਦੇ ਬਕਾਏ ਨਿਪਟਾ ਦਿੱਤੇ ਗਏ ਅਤੇ ਉਸ ਨੂੰ ਵਿਦੇਸ਼ ਭੇਜ ਦਿੱਤਾ ਗਿਆ। ਇਹ ਸਭ ਆਪਣੇ ਲੋਕਾਂ ਨੂੰ ਬਚਾਉਣ ਲਈ ਕੀਤਾ ਗਿਆ ਸੀ।ਬਲਤੇਜ ਪੰਨੂ ਨੇ ਅੱਗੇ ਦਾਅਵਾ ਕੀਤਾ ਕਿ ਜਦੋਂ ਐਸ.ਐਸ. ਕੋਹਲੀ ਦਾ ਨਾਮ ਸਾਹਮਣੇ ਆਇਆ, ਤਾਂ ਹਰਜਿੰਦਰ ਸਿੰਘ ਧਾਮੀ ਦੀ ਪਾਰਟੀ ਨਾਲ ਜੁੜੇ ਇੱਕ ਨਿਊਜ਼ ਚੈਨਲ ਨੇ ਖ਼ਬਰ ਨੂੰ ਦਬਾ ਦਿੱਤਾ ਤਾਂ ਜੋ ਸੱਚਾਈ ਸਾਹਮਣੇ ਨਾ ਆ ਸਕੇ। ਉਨ੍ਹਾਂ ਕਿਹਾ ਕਿ ਸ਼ਾਇਦ ਐਸ.ਐਸ. ਕੋਹਲੀ ਵੱਡੇ ਭੇਤਾਂ 'ਤੇ ਬੈਠੇ ਹਨ। ਹੁਣ ਸ਼ੀਠ ਉਨ੍ਹਾਂ ਭੇਤਾਂ ਨੂੰ ਬੇਪਰਦ ਕਰੇਗੀ।

ਉਨ੍ਹਾਂ ਕਿਹਾ ਕਿ ਈਸ਼ਰ ਸਿੰਘ ਰਿਪੋਰਟ ਵਿੱਚ ਸਪੱਸ਼ਟ ਦੱਸਿਆ ਗਿਆ ਸੀ ਕਿ 75% ਭੁਗਤਾਨ ਐਸ.ਐਸ. ਕੋਹਲੀ ਤੋਂ ਵਸੂਲਿਆ ਜਾਣਾ ਚਾਹੀਦਾ ਹੈ, ਫਿਰ ਵੀ ਪਿਛਲੇ ਪੰਜ ਸਾਲਾਂ ਵਿੱਚ ਕੁਝ ਨਹੀਂ ਹੋਇਆ। ਪੰਨੂ ਨੇ ਕਿਹਾ ਕਿ ਤੁਸੀਂ ਕਹਿੰਦੇ ਹੋ ਕਿ ਮਾਮਲਾ ਸਿੱਖ ਜੁਡੀਸ਼ੀਅਲ ਗੁਰਦੁਆਰਾ ਕਮਿਸ਼ਨ ਕੋਲ ਹੈ। ਉਸ ਕਮਿਸ਼ਨ ਨੇ ਪੰਜ ਸਾਲਾਂ ਵਿੱਚ ਕੀ ਕੀਤਾ ਹੈ? ਜਵਾਬ ਸਪੱਸ਼ਟ ਹੈ, ਕਿਉਂਕਿ ਤੁਹਾਡੀ ਪਾਰਟੀ ਦੇ ਕਰੀਬੀ ਲੋਕ ਉੱਥੇ ਬੈਠੇ ਹਨ। ਕਮਿਸ਼ਨ ਦਾ ਮੁਖੀ ਤੁਹਾਡੀ ਪਾਰਟੀ ਦੇ ਮੁੱਖ ਬੁਲਾਰੇ ਦਾ ਪਿਤਾ ਹੈ।

ਬਲਤੇਜ ਪੰਨੂ ਨੇ ਪੁੱਛਿਆ ਕਿ ਸ਼੍ਰੋਮਣੀ ਕਮੇਟੀ ਪੰਜ ਸਾਲਾਂ ਤੱਕ ਗੁਰੂ ਦੀ ਗੋਲਕ ਵਿੱਚੋਂ ਲਏ ਗਏ ਪੈਸੇ ਵਾਪਸ ਲੈਣ ਵਿੱਚ ਕਿਵੇਂ ਅਸਫਲ ਰਹੀ। ਉਨ੍ਹਾਂ ਪੁੱਛਿਆ ਕਿ ਲਗਭਗ 10 ਕਰੋੜ ਰੁਪਏ ਕੋਹਲੀ ਕੋਲ ਗਏ, ਜਿਸ ਵਿੱਚੋਂ 7.5 ਕਰੋੜ ਰੁਪਏ ਵਸੂਲ ਕੀਤੇ ਜਾਣੇ ਸਨ। ਇਹ ਕਿਉਂ ਨਹੀਂ ਕੀਤਾ ਗਿਆ?

ਬਲਤੇਜ ਪੰਨੂ ਨੇ ਯਾਦ ਦਿਵਾਇਆ ਕਿ ਜਦੋਂ 1 ਜੂਨ 2015 ਨੂੰ ਬੁਰਜ ਜਵਾਹਰ ਸਿੰਘ ਵਾਲਾ ਵਿਖੇ ਸਰੂਪ ਚੋਰੀ ਹੋਏ ਸਨ ਅਤੇ ਜਦੋਂ ਨਵੰਬਰ ਵਿੱਚ ਬੇਅਦਬੀ ਦੀਆਂ ਘਟਨਾਵਾਂ ਹੋਈਆਂ ਸਨ, ਤਾਂ ਸ਼੍ਰੋਮਣੀ ਕਮੇਟੀ ਪ੍ਰਭਾਵਸ਼ਾਲੀ ਕਾਰਵਾਈ ਕਰਨ ਵਿੱਚ ਅਸਫਲ ਰਹੀ ਸੀ। ਉਨ੍ਹਾਂ ਸਵਾਲ ਕੀਤਾ ਕਿ ਪੋਸਟਰ ਲਗਾਏ ਗਏ ਸਨ, ਪਰ ਕੀ ਠੋਸ ਕਦਮ ਚੁੱਕੇ ਗਏ? ਕਿਹੜੀ 'ਸ਼੍ਰੋਮਣੀ ਕਮੇਟੀ ਪੁਲਿਸ' ਨੇ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਜਾਂ ਐਫ.ਆਈ.ਆਰ. ਦਰਜ ਕੀਤੀ, ਜਦੋਂ ਤੁਸੀਂ ਦਾਅਵਾ ਕਰਦੇ ਹੋ ਕਿ ਤੁਹਾਨੂੰ ਪੁਲਿਸ ਦੀ ਲੋੜ ਨਹੀਂ ਹੈ? ਉਨ੍ਹਾਂ ਨੇ ਕੋਟਕਪੂਰਾ ਗੋਲੀ ਕਾਂਡ ਦਾ ਵੀ ਜ਼ਿਕਰ ਕੀਤਾ, ਜਿੱਥੇ ਇਨਸਾਫ਼ ਦੀ ਮੰਗ ਕਰ ਰਹੇ ਸ਼ਰਧਾਲੂਆਂ 'ਤੇ ਪਾਣੀ ਦੀਆਂ ਬੌਛਾਰਾਂ ਅਤੇ ਗੋਲੀਆਂ ਚਲਾਈਆਂ ਗਈਆਂ। ਪੰਨੂ ਨੇ ਕਿਹਾ ਕਿ ਕੀ ਸੁਖਬੀਰ ਸਿੰਘ ਬਾਦਲ ਅਤੇ ਹੋਰਾਂ ਖ਼ਿਲਾਫ਼ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਸਨ। ਉਨ੍ਹਾਂ ਨੂੰ ਹਾਈ ਕੋਰਟ ਤੋਂ ਜ਼ਮਾਨਤ ਲੈਣੀ ਪਈ ਸੀ। ਕਾਨੂੰਨ ਤੋਂ ਉੱਪਰ ਹੋਣ ਦਾ ਦਾਅਵਾ ਕਰਨ ਦੀ ਇਹ ਅਸਲੀਅਤ ਹੈ।ਗੁਰਬਾਣੀ ਪ੍ਰਸਾਰਣ ਦੇ ਮੁੱਦੇ 'ਤੇ ਆਪ ਪੰਜਾਬ ਦੇ ਮੀਡੀਆ ਇੰਚਾਰਜ ਨੇ ਯਾਦ ਦਿਵਾਇਆ ਕਿ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸ਼੍ਰੋਮਣੀ ਕਮੇਟੀ ਨੂੰ 'ਫ੍ਰੀ-ਟੂ-ਏਅਰ' ਗੁਰਬਾਣੀ ਚੈਨਲ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਸਨ। ਉਨ੍ਹਾਂ ਦੋਸ਼ ਲਾਇਆ ਕਿ।ਉਸ ਹੁਕਮ ਦਾ ਕੀ ਹੋਇਆ? ਤੁਹਾਨੂੰ ਡਰ ਹੈ ਕਿ ਕੋਹਲੀ ਦੀ ਗ੍ਰਿਫਤਾਰੀ ਨਾਲ ਵਿਦੇਸ਼ੀ ਗੁਰਬਾਣੀ ਪ੍ਰਸਾਰਣ ਚੈਨਲਾਂ ਨਾਲ ਜੁੜੇ ਲਿੰਕ ਸਾਹਮਣੇ ਆ ਸਕਦੇ ਹਨ। ਇਸੇ ਲਈ ਤੁਸੀਂ ਇੱਕ ਸਿਆਸੀ ਪਾਰਟੀ ਦੇ ਸਿਪਾਹੀ ਵਜੋਂ ਚੈਨਲ ਮਾਲਕਾਂ ਦਾ ਪੱਖ ਪੂਰ ਰਹੇ ਹੋ।

ਬਲਤੇਜ ਪੰਨੂ ਨੇ ਧਾਮੀ ਨੂੰ ਸਿੱਧੀ ਚੁਣੌਤੀ ਦਿੱਤੀ ਅਤੇ ਕਿਹਾ ਕਿ ਕਿ ਜਦੋਂ ਤੁਸੀਂ ਆਪਣੀ ਅਗਲੀ ਪ੍ਰੈਸ ਕਾਨਫਰੰਸ ਕਰੋਗੇ, ਤਾਂ ਇੱਕ ਸਵਾਲ ਦਾ ਇਮਾਨਦਾਰੀ ਨਾਲ ਜਵਾਬ ਦਿਓ। ਉਨ੍ਹਾਂ ਪੁੱਛਿਆ ਕਿ ਤੁਹਾਡੇ ਕੋਲ ਇੱਕ ਡਾਇਰੀ ਹੈ ਜਿਸ ਵਿੱਚ ਬੇਅਦਬੀ ਦੇ ਮਾਮਲਿਆਂ ਅਤੇ 328 ਲਾਪਤਾ ਸਰੂਪਾਂ ਦੇ ਵੇਰਵੇ ਦਰਜ ਹਨ। ਤੁਸੀਂ ਉਹ ਡਾਇਰੀ ਕਿਉਂ ਛੁਪਾਈ ਹੈ? ਕੀ ਤੁਹਾਡੀ ਪ੍ਰਧਾਨਗੀ ਉਸ ਡਾਇਰੀ 'ਤੇ ਨਿਰਭਰ ਹੈ?

ਬਲਤੇਜ ਪੰਨੂ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਉਹ ਸ਼੍ਰੋਮਣੀ ਕਮੇਟੀ ਵੱਲੋਂ ਹੁਣ ਤੱਕ ਦਰਜ ਕੀਤੀਆਂ ਗਈਆਂ ਸਾਰੀਆਂ ਐਫ.ਆਈ.ਆਰਜ਼ ਦੇ ਵੇਰਵੇ ਵੀ ਜਨਤਕ ਕਰਨਗੇ। ਉਨ੍ਹਾਂ ਜ਼ੋਰ ਦੇ ਕੇ ਕਿਹਾ, "ਇਨਸਾਫ਼ ਅਤੇ ਸੱਚ ਦੇ ਨਾਲ ਖੜ੍ਹੋ। ਗੁਰੂ ਸਾਹਿਬ ਦੇ ਸਿਪਾਹੀ ਬਣੋ, ਬਾਦਲ ਪਰਿਵਾਰ ਦੇ ਨਹੀਂ।

# ਕੈਬਨਿਟ ਸਬ ਕਮੇਟੀ ਵੱਲੋ ਜੁਆਇੰਟ ਐਕਸ਼ਨ ਕਮੇਟੀ ਨੂੰ 12 ਜਨਵਰੀ 2026 ਨੂੰ ਮੀਟਿੰਗ ਦਾ ਸੱਦਾ

ਚੰਡੀਗੜ੍ਹ ਸਾਂਝੀ ਸੋਚ ਬਿਊਰੋ



27 ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਦੀਆਂ ਮੁਲਾਜਮ ਅਤੇ ਸਮਾਜਿਕ ਜਥੇਬੰਦੀਆਂ ਦੀ ਜੁਆਇੰਟ ਐਕਸ਼ਨ ਕਮੇਟੀ ਦੇ 25 ਮੈਂਬਰੀ ਵਫਦ ਨੂੰ ਕੈਬਨਿਟ ਸਬ ਕਮੇਟੀ ਵੱਲੋ 12 ਜਨਵਰੀ 2026 ਨੂੰ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਅਜੰਡੇ ਉੱਤੇ ਗੱਲਬਾਤ ਕਰਨ ਦਾ ਸੱਦਾ ਪੱਤਰ ਨੰ:- ਮੀਮੋ ਨੰ-11/16/2024-ਜੀ ਸੀ5/1430 ਮਿਤੀ 30-12-2025 ਦਿੱਤਾ ਗਿਆ ਹੈ।

ਸਰਕਾਰ ਵੱਲੋ ਦਿੱਤੇ ਸੱਦੇ ਤੇ ਵਿਚਾਰ ਕਰਨ ਲਈ ਜੁਆਇੰਟ ਐਕਸ਼ਨ ਕਮੇਟੀ ਆਫ 27 ਐਸ.ਸੀ/ਬੀ.ਸੀ ਇੰਪਲਾਇਜ਼ ਐਂਡ ਸੋਸ਼ਲ ਆਰਗੇਨਾਈਜੇਸ਼ਨਜ਼ ਪੰਜਾਬ ਦੀ ਮੀਟਿੰਗ ਸਟੇਟ ਕੋਆਰਡੀਨੇਟਰ ਜਸਬੀਰ ਸਿੰਘ ਪਾਲ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸਰਕਾਰ ਵੱਲੋ 12 ਜਨਵਰੀ 2026 ਨੂੰ ਗੱਲਬਾਤ ਲਈ ਦਿੱਤੇ ਸੱਦਾ ਪੱਤਰ ਤੇ ਗੰਭੀਰ ਵਿਚਾਰ ਵਟਾਂਦਰਾ ਕਰਨ ਉਪਰੰਤ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਜੁਆਇੰਟ ਐਕਸ਼ਨ ਕਮੇਟੀ ਵੱਲੋਂ 4 ਜਨਵਰੀ 2026 ਨੂੰ ਸੰਗਰੂਰ ਸਥਿਤ ਮੁੱਖ ਮੰਤਰੀ ਦੀ ਰਿਹਾਇਸ਼ ਨੂੰ ਘੇਰਨ ਦਾ ਐਕਸ਼ਨ ਹਾਲ ਦੀ ਘੜੀ ਮੁਲਤਵੀ ਕਰ ਦਿੱਤਾ ਜਾਵੇ। ਜੇਕਰ ਮੀਟਿੰਗ ਵਿੱਚ ਸਰਕਾਰ ਵੱਲੋ ਗੈਟਾ ਰਿਪੋਰਟ ਲਾਗੂ ਨਾਂ ਕੀਤੀ ਗਈ ਤਾਂ ਮੀਟਿੰਗ ਦਾ ਬਾਈਕਾਟ ਕਰਕੇ ਉਸੇ ਸਮੇ ਹੀ ਅਗਲੇ ਐਕਸ਼ਨ ਦਾ ਐਲਾਨ ਕਰ ਦਿੱਤਾ ਜਾਵੇਗਾ।

ਮੀਟਿੰਗ ਵਿੱਚ ਜਸਬੀਰ ਸਿੰਘ ਪਾਲ, ਹਰਵਿੰਦਰ ਸਿੰਘ ਮੰਡੇਰ, ਰਾਜ ਸਿੰਘ ਟੋਡਰਵਾਲ, ਬਲਦੇਵ ਭਾਰਤੀ, ਹਰਜਸ ਸਿੰਘ, ਕੁਲਵਿੰਦਰ ਸਿੰਘ ਬੋਦਲ, ਕਰਨੈਲ ਸਿੰਘ ਨੀਲੋਵਾਲ, ਬਲਰਾਜ ਕੁਮਾਰ, ਅਮਰਜੀਤ ਸਿੰਘ ਖਟਕੜ, ਬਲਦੇਵ ਸਿੰਘ ਧੁੱਗਾ, ਗੁਰਪ੍ਰੀਤ ਸਿੰਘ ਸੁਨਾਮ, ਕਰਮਜੀਤ ਸਿੰਘ, ਜੱਗਾ ਸਿੰਘ, ਮਨੋਹਰ ਲਾਲ, ਲਛਮਣ ਸਿੰਘ, ਕੁਲਦੀਪ ਸਿੰਘ,ਸਤਵੰਤ ਸਿੰਘ ਤੂਰਾ, ਪਰਮਜੀਤ ਸਿੰਘ, ਸਲਵਿੰਦਰ ਜੱਸੀ, ਸੁੱਖਵਿੰਦਰ ਕਾਲੀ, ਕ੍ਰਿਸ਼ਨ ਲਾਲ, ਦਵਿੰਦਰ ਸਿੰਘ, ਸੁਭਾਸ਼ ਚੰਦਰ, ਠਾਕਰ ਦਾਸ, ਬਲਵੰਤ ਸਿੰਘ, ਭੁਪਿੰਦਰ ਸਿੰਘ,ਮਹਿੰਦਰ ਸਿੰਘ ਗੋਬਿੰਦਗੜ੍ਹ, ਬੰਟੀ ਨਾਗਲਾ, ਰਿੰਕੂ ਧੂਰੀ, ਰੋਸ਼ਨ ਲਾਲ, ਅਜਾਇਬ ਸਿੰਘ ਬਠੋਈ, ਹਰਵਿੰਦਰ ਸਿੰਘ ਭੱਠਲ, ਮੱਖਣ ਰਤੂ, ਅਜਾਇਬ ਸਿੰਘ ਨੀਲੋਵਾਲ, ਗੁਰਜਿੰਦਰ ਪਾਲ ਸਿੰਘ, ਮਨਿੰਦਰ ਸਿੰਘ, ਰਵਿੰਦਰ ਸਿੰਘ ਲਾਲੀ, ਰਾਮ ਲੁਭਾਇਆ ਕਲਸੀ, ਗੁਰਜੰਟ ਸਿੰਘ ਮਾਨਸਾ ਆਦਿ ਸੂਬਾਈ ਆਗੂ ਹਾਜ਼ਰ ਸਨ। ਕਾਰਵਾਈ ਸੰਬੰਧੀ ਜਾਣਕਾਰੀ ਮੀਡੀਆ ਇੰਚਾਰਜ ਬਲਦੇਵ ਭਾਰਤੀ ਅਤੇ ਅਜਾਇਬ ਸਿੰਘ ਨੀਲੋਵਾਲ ਨੇ ਪ੍ਰੈੱਸ ਨੋਟ ਰਾਹੀ ਦਿਤੀ।





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


Arrested ?
DUI ?
Drug Charges ?
Gun Violation ?
Ghuman Law Group
GLG
GHUMAN LAW GROUP
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# ਮਨਰੇਗਾ ਦੇ ਨਾਂ 'ਤੇ ਸੁਧਾਰ ਜਾਂ ਸੰਕੋਚ? ਕੇਂਦਰ ਦਾ ਨਵਾਂ ਬਿੱਲ ਅਤੇ ਪਿੰਡਾਂ ਦੀ ਅਸਲ ਹਕੀਕਤ

ਭਾਰਤ ਦੇ ਪਿੰਡਾਂ ਦੀ ਆਰਥਿਕ ਜ਼ਿੰਦਗੀ ਵਿੱਚ ਜੇਕਰ ਕਿਸੇ ਇੱਕ ਸਕੀਮ ਨੇ ਸਭ ਤੋਂ ਵੱਡਾ ਅਤੇ ਸਿੱਧਾ ਪ੍ਰਭਾਵ ਛੱਡਿਆ ਹੈ, ਤਾਂ ਉਹ ਹੈ ਮਹਾਤਮਾ ਗਾਂਧੀ ਰਾਸ਼ਟਰੀ ਪਿੰਡ ਰੋਜ਼ਗਾਰ ਗਾਰੰਟੀ ਸਕੀਮ (ਮਨਰੇਗਾ)। ਇਹ ਸਿਰਫ਼ ਇੱਕ ਸਰਕਾਰੀ ਯੋਜਨਾ ਨਹੀਂ, ਸਗੋਂ ਕਰੋੜਾਂ ਗਰੀਬ ਪਰਿਵਾਰਾਂ ਲਈ ਇੱਜ਼ਤ ਨਾਲ ਜੀਊਣ ਦਾ ਅਧਿਕਾਰ ਹੈ। ਪਰ ਅੱਜ ਜਦੋਂ ਕੇਂਦਰ ਸਰਕਾਰ ਮਨਰੇਗਾ ਨਾਲ ਜੁੜੀਆਂ ਨਵੀਆਂ ਕਾਨੂੰਨੀ ਸੋਧਾਂ ਅਤੇ ਬਿੱਲ ਲਿਆਉਣ ਦੀ ਤਿਆਰੀ ਕਰ ਰਹੀ ਹੈ, ਤਾਂ ਇਹ ਸਵਾਲ ਉੱਠਣਾ ਲਾਜ਼ਮੀ ਹੈ ਕਿ ਕੀ ਇਹ ਸੁਧਾਰ ਗਰੀਬਾਂ ਦੇ ਹਿੱਤ ਵਿੱਚ ਹਨ ਜਾਂ ਫਿਰ ਇਸ ਅਧਿਕਾਰ ਨੂੰ ਹੌਲੀ-ਹੌਲੀ ਸੀਮਿਤ ਕਰਨ ਦੀ ਕੋਸ਼ਿਸ਼?

ਮਨਰੇਗਾ ਐਕਟ 2005 ਵਿੱਚ ਇਸ ਨੀਅਤ ਨਾਲ ਲਿਆਂਦਾ ਗਿਆ ਸੀ ਕਿ ਪਿੰਡਾਂ ਵਿੱਚ ਰਹਿੰਦੇ ਹਰ ਪਰਿਵਾਰ ਨੂੰ ਸਾਲ ਵਿੱਚ ਘੱਟੋ-ਘੱਟ 100 ਦਿਨਾਂ ਦਾ ਰੋਜ਼ਗਾਰ ਕਾਨੂੰਨੀ ਹੱਕ ਦੇ ਤੌਰ 'ਤੇ ਮਿਲੇ। ਇਹ ਕਾਨੂੰਨ ਰੋਜ਼ਗਾਰ ਦੇ ਨਾਲ-ਨਾਲ ਸਮਾਜਿਕ ਸੁਰੱਖਿਆ, ਗਰੀਬੀ ਘਟਾਉਣ ਅਤੇ ਪਿੰਡਾਂ ਦੇ ਵਿਕਾਸ ਦਾ ਇੱਕ ਮਜ਼ਬੂਤ ਢਾਂਚਾ ਬਣਿਆ। ਖ਼ਾਸ ਗੱਲ ਇਹ ਹੈ ਕਿ ਕੰਮ ਨਾ ਮਿਲਣ ਦੀ ਸੂਰਤ ਵਿੱਚ ਬੇਰੋਜ਼ਗਾਰੀ ਭੱਤਾ ਦੇਣ ਦੀ ਵਿਵਸਥਾ ਕਰਕੇ ਸਰਕਾਰ ਨੂੰ ਸਿੱਧੀ ਜ਼ਿੰਮੇਵਾਰੀ ਨਾਲ ਜੋੜਿਆ ਗਿਆ। ਪੰਜਾਬ, ਬਿਹਾਰ, ਉੱਤਰ ਪ੍ਰਦੇਸ਼, ਰਾਜਸਥਾਨ ਅਤੇ ਦੱਖਣੀ ਰਾਜਾਂ ਸਮੇਤ ਦੇਸ਼ ਭਰ ਵਿੱਚ ਮਨਰੇਗਾ ਨੇ ਕਰੋੜਾਂ ਮਜ਼ਦੂਰਾਂ ਨੂੰ ਪਿੰਡ ਛੱਡ ਕੇ ਸ਼ਹਿਰਾਂ ਵੱਲ ਜਾਣ ਤੋਂ ਰੋਕਿਆ। ਪਿੰਡਾਂ ਵਿੱਚ ਬਣੇ ਤਲਾਬ, ਜਲ ਸੰਰੱਖਣ ਯੋਜਨਾਵਾਂ, ਖਾਲਾਂ, ਪਿੰਡਾਂ ਦੇ ਰਸਤੇ, ਪੰਚਾਇਤੀ ਜ਼ਮੀਨਾਂ ਦਾ ਵਿਕਾਸ ਅਤੇ ਖੇਤੀ ਨਾਲ ਜੁੜੇ ਢਾਂਚੇ ਇਸ ਸਕੀਮ ਦੀ ਜ਼ਮੀਨੀ ਸਫ਼ਲਤਾ ਦੀ ਗਵਾਹੀ ਭਰਦੇ ਹਨ।

ਪਰ ਪਿਛਲੇ ਕੁਝ ਸਾਲਾਂ ਤੋਂ ਮਨਰੇਗਾ ਬਾਰੇ ਕੇਂਦਰ ਸਰਕਾਰ ਦਾ ਰਵੱਈਆ ਚਿੰਤਾਜਨਕ ਦਿਸਦਾ ਹੈ। ਕਦੇ ਬਜਟ ਵਿੱਚ ਕਟੌਤੀ, ਕਦੇ ਦਿਹਾੜੀ ਦੇ ਭੁਗਤਾਨ ਵਿੱਚ ਲੰਬੀ ਦੇਰੀ ਅਤੇ ਹੁਣ ਨਵੇਂ ਬਿੱਲ ਦੇ ਨਾਂ 'ਤੇ ਤਕਨੀਕੀ ਪਾਬੰਦੀਆਂ ਇਹ ਸਾਰੇ ਕਦਮ ਮਨਰੇਗਾ ਦੀ ਆਤਮਾ 'ਤੇ ਸਵਾਲ ਖੜ੍ਹੇ ਕਰਦੇ ਹਨ। ਸਰਕਾਰ ਦਾਅਵਾ ਕਰਦੀ ਹੈ ਕਿ ਨਵੇਂ ਬਿੱਲ ਨਾਲ ਪਾਰਦਰਸ਼ਤਾ ਵਧੇਗੀ ਅਤੇ ਭ੍ਰਿਸ਼ਟਾਚਾਰ 'ਤੇ ਰੋਕ ਲੱਗੇਗੀ, ਪਰ ਹਕੀਕਤ ਇਹ ਹੈ ਕਿ ਇਸ ਦੀ ਕੀਮਤ ਗਰੀਬ ਮਜ਼ਦੂਰਾਂ ਨੂੰ ਚੁਕਾਉਣੀ ਪੈ ਰਹੀ ਹੈ।

ਡਿਜ਼ੀਟਲ ਹਾਜ਼ਰੀ, ਆਧਾਰ ਨਾਲ ਜ਼ਬਰਦਸਤੀ ਜੋੜ ਅਤੇ ਆਨਲਾਈਨ ਪ੍ਰਣਾਲੀ ਪਿੰਡਾਂ ਦੀ ਅਸਲ ਸਥਿਤੀ ਨਾਲ ਮੇਲ ਨਹੀਂ ਖਾਂਦੀ। ਅੱਜ ਵੀ ਦੇਸ਼ ਦੇ ਹਜ਼ਾਰਾਂ ਪਿੰਡਾਂ ਵਿੱਚ ਇੰਟਰਨੈੱਟ ਕਨੈਕਸ਼ਨ ਕਮਜ਼ੋਰ ਹੈ। ਬਹੁਤ ਸਾਰੇ ਮਜ਼ਦੂਰ ਅਣਪੜ੍ਹ ਜਾਂ ਅਰਧ-ਪੜ੍ਹੇ ਹਨ, ਜੋ ਤਕਨੀਕੀ ਪ੍ਰਕਿਰਿਆਵਾਂ ਨੂੰ ਸਮਝਣ ਵਿੱਚ ਅਸਮਰਥ ਹਨ। ਅਜਿਹੇ ਵਿੱਚ ਜਦੋਂ ਕੰਮ ਦੀ ਹਾਜ਼ਰੀ ਮਸ਼ੀਨਾਂ ਜਾਂ ਐਪਸ ਨਾਲ ਜੋੜੀ ਜਾਂਦੀ ਹੈ, ਤਾਂ ਸਭ ਤੋਂ ਪਹਿਲਾਂ ਗਰੀਬ ਹੀ ਬਾਹਰ ਰਹਿ ਜਾਂਦਾ ਹੈ।

ਇਸ ਤੋਂ ਵੀ ਵੱਡੀ ਚਿੰਤਾ ਇਹ ਹੈ ਕਿ ਨਵੇਂ ਬਿੱਲ ਦੇ ਤਹਿਤ ਕਿਤੇ ਮਨਰੇਗਾ ਨੂੰ "ਰੋਜ਼ਗਾਰ ਦੇ ਅਧਿਕਾਰ" ਤੋਂ ਹਟਾ ਕੇ ਇੱਕ ਸੀਮਿਤ ਕਲਿਆਣਕਾਰੀ ਸਕੀਮ ਨਾ ਬਣਾ ਦਿੱਤਾ ਜਾਵੇ। ਜੇਕਰ ਕੰਮ ਦੀ ਮੰਗ ਕਰਨ ਦੇ ਅਧਿਕਾਰ 'ਤੇ ਪਾਬੰਦੀਆਂ ਲੱਗੀਆਂ ਜਾਂ ਪੰਚਾਇਤਾਂ ਦੇ ਅਧਿਕਾਰ ਘਟਾਏ ਗਏ, ਤਾਂ ਇਹ ਪਿੰਡਾਂ ਦੇ ਲੋਕਤੰਤਰਿਕ ਢਾਂਚੇ ਲਈ ਘਾਤਕ ਸਾਬਤ ਹੋਵੇਗਾ।

ਪੰਚਾਇਤਾਂ ਮਨਰੇਗਾ ਦੀ ਰੀੜ੍ਹ ਦੀ ਹੱਡੀ ਹਨ। ਪਿੰਡ ਪੱਧਰ 'ਤੇ ਯੋਜਨਾਬੰਦੀ, ਕੰਮਾਂ ਦੀ ਚੋਣ ਅਤੇ ਨਿਗਰਾਨੀ ਲੋਕਾਂ ਦੀ ਸਿੱਧੀ ਭਾਗੀਦਾਰੀ ਨਾਲ ਹੁੰਦੀ ਹੈ। ਕੇਂਦਰੀਕਰਨ ਦੇ ਨਾਂ 'ਤੇ ਜੇਕਰ ਫੈਸਲੇ ਦਿੱਲੀ ਤੋਂ ਹੋਣ ਲੱਗ ਪਏ, ਤਾਂ ਮਨਰੇਗਾ ਦੀ ਆਤਮਾ ਹੀ ਖ਼ਤਮ ਹੋ ਜਾਵੇਗੀ।

ਸਰਕਾਰ ਨੂੰ ਇਹ ਸਮਝਣਾ ਹੋਵੇਗਾ ਕਿ ਮਨਰੇਗਾ ਕੋਈ ਦਇਆ ਨਹੀਂ, ਸਗੋਂ ਸੰਵਿਧਾਨਕ ਮੁੱਲਾਂ ਨਾਲ ਜੁੜਿਆ ਅਧਿਕਾਰ ਹੈ। ਇਹ ਸਕੀਮ ਸਿਰਫ਼ ਮਜ਼ਦੂਰੀ ਦੇ ਪੈਸਿਆਂ ਦੀ ਗੱਲ ਨਹੀਂ ਕਰਦੀ, ਸਗੋਂ ਪਿੰਡਾਂ ਵਿੱਚ ਆਤਮ-ਸਨਮਾਨ, ਸੁਰੱਖਿਆ ਅਤੇ ਵਿਕਾਸ ਦੀ ਗੱਲ ਕਰਦੀ ਹੈ। ਜਿਹੜੀ ਸਰਕਾਰ ਪਿੰਡਾਂ ਨੂੰ ਦੇਸ਼ ਦੀ ਰੀੜ੍ਹ ਦੀ ਹੱਡੀ ਕਹਿੰਦੀ ਹੈ, ਉਸਨੂੰ ਮਨਰੇਗਾ ਵਰਗੀ ਸਕੀਮ ਨੂੰ ਕਮਜ਼ੋਰ ਕਰਨ ਦੀ ਬਜਾਏ ਹੋਰ ਮਜ਼ਬੂਤ ਕਰਨਾ ਚਾਹੀਦਾ ਹੈ।

ਅੰਤ ਵਿੱਚ ਇਹ ਕਹਿਣਾ ਬਿਲਕੁਲ ਉਚਿਤ ਹੈ ਕਿ ਮਨਰੇਗਾ ਨਾਲ ਜੁੜਿਆ ਕੋਈ ਵੀ ਨਵਾਂ ਬਿੱਲ ਪਿੰਡਾਂ ਦੀ ਜ਼ਮੀਨੀ ਹਕੀਕਤ, ਮਜ਼ਦੂਰਾਂ ਦੀ ਮਜਬੂਰੀ ਅਤੇ ਸਮਾਜਿਕ ਨਿਆਂ ਦੇ ਸਿਧਾਂਤਾਂ ਨੂੰ ਧਿਆਨ ਵਿੱਚ ਰੱਖ ਕੇ ਹੀ ਲਿਆਉਣਾ ਚਾਹੀਦਾ ਹੈ। ਜੇਕਰ ਇਹ ਬਿੱਲ ਗਰੀਬਾਂ ਦੀ ਆਵਾਜ਼ ਬਿਨਾਂ ਸੁਣੇ ਲਾਗੂ ਕੀਤਾ ਗਿਆ, ਤਾਂ ਇਹ ਸਿਰਫ਼ ਨੀਤੀਕ ਅਸਫ਼ਲਤਾ ਹੀ ਨਹੀਂ, ਸਗੋਂ ਇੱਕ ਸਮਾਜਿਕ ਅਨਿਆਂ ਵੀ ਹੋਵੇਗਾ।

ਮਨਰੇਗਾ ਨੂੰ ਬਚਾਉਣਾ ਸਿਰਫ਼ ਇੱਕ ਸਕੀਮ ਨੂੰ ਬਚਾਉਣਾ ਨਹੀਂ, ਸਗੋਂ ਭਾਰਤ ਦੇ ਪਿੰਡਾਂ ਦੇ ਭਵਿੱਖ ਨੂੰ ਬਚਾਉਣਾ ਹੈ।



ਖੁਸ਼ਦੀਪ ਸਿੰਘ ਗਿੱਲ
ਸਹਾਇਕ ਪ੍ਰੋਫ਼ੈਸਰ
ਗੁਰੂ ਕਾਸ਼ੀ ਯੂਨੀਵਰਸਿਟੀ,
ਤਲਵੰਡੀ ਸਾਬੋ, ਬਠਿੰਡਾ
ਮੋਬਾ: 94175-80453






# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

**AUTO · HOME · TRUCK · BUSINESS · LIFE · MEDICAL**

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital
DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# TAKE CONTROL OF YOUR HEALTH!

## PRIVATE, AFFORDABLE, & CONVENIENT

# 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!

WALK-INS WELCOME

ANY LAB TEST NOW



ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com



ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

ਸਾਂਝੀ ਸੋਚ
Surjit Singh Flora
6 Havelock Drive
Brampton, Canada
647-829-9397



# ਕੀ ਟਰੰਪ ਅਮਰੀਕਾ ਦਾ ਹੁਣ ਤੱਕ ਦਾ ਸਭ ਤੋਂ ਘਟੀਆ ਰਾਸ਼ਟਰਪਤੀ ਹੈ?

ਰਾਸ਼ਟਰਪਤੀ ਟਰੰਪ ਨੂੰ ਅਸਲ ਸਮੇਂ ਵਿੱਚ ਮੀਡੀਆਂ-ਪੱਤਰਕਾਰਾਂ ਵਲੋਂ ਬਹੁਤ ਘੱਟ ਹੀ ਚੁਣੌਤੀ ਦਿੱਤੀ ਜਾਂਦੀ ਹੈ। ਕਿਉਂਕਿ ਉਹ ਜਾਣਦੇ ਹਨ ਕਿ ਜੇ ਤੁਸੀਂ ਟਰੰਪ ਨੂੰ ਚੁਣੌਤੀ ਦਿੰਦੇ ਹੋ, ਤਾਂ ਉਹ ਜਾਂ ਤਾਂ ਝੂਠ ਹੋਵੇਗਾ ਜਾਂ ਕੁਝ ਗੈਰ-ਸੰਬੰਧਿਤ ਬਕਵਾਸ, ਨਾਲ ਜਵਾਬ ਦੇਵੇਗਾ ਜਾਂ ਰਿਪੋਰਟਰ ਦਾ ਅਪਮਾਨ ਕਰੇਗਾ।

ਜੇ ਅਸੀਂ ਉਸਦੇ ਸ਼ਬਦਾਂ ਦਾ ਅਨੁਵਾਦ ਕਰੀਏ ਏਹ ਉਹ ਬੇਇੱਜ਼ਤੀ ਅਤੇ ਬਿਆਨਬਾਜ਼ੀ ਹੁੰਦੀ ਹੈ ਜੋ ਉਸ ਦੀ ਜ਼ਿੰਦਗੀ ਵਿੱਚ ਉਸਦਾ ਇੱਕੋ ਇੱਕ ਕੰਮ ਆਪਣੇ ਪੈਰੋਕਾਰਾਂ ਲਈ ਆਪਣੇ ਆਪ ਨੂੰ ਚੰਗਾ ਦਿਖਾਉਣ ਦੀ ਕੋਸ਼ਿਸ਼ ਕਰਨਾ ਹੈ। ਕਿਉਂਕਿ ਉਸਦੇ ਪੈਰੋਕਾਰ ਉਸ ਤੋਂ ਵੀ ਮੂਰਖ ਹਨ, ਉਸਨੂੰ ਸਿਰਫ਼ ਕੁਝ ਬੁੱਧੀਮਾਨ-ਆਵਾਜ਼ ਵਾਲੇ ਸ਼ਬਦ ਬੋਲਣੇ ਹਨ ਅਤੇ ਉਹ ਲਾਈਨ ਵਿੱਚ ਆ ਜਾਂਦੇ ਹਨ। ਇਸ ਤਰ੍ਹਾਂ ਇਹ ਧੋਖੇਬਾਜ਼ , ਹ੍ਹੈਕਰਬਾਜ ਹੰਕਾਰ ਨਾਲ ਲੋਕਾਂ ਤੇ ਧੌਂਸ ਜਮਾ ਕੇ ਕੰਮ ਕਰਦਾ ਹੈ।

ਇੱਕ ਬਾਹਰੀ ਵਿਅਕਤੀ ਦੇ ਰੂਪ ਵਿੱਚ ਇੱਕ ਅਜਿਹੀ ਦੁਨੀਆਂ ਤੋਂ ਦੇਖ ਰਿਹਾ ਹਾਂ ਜਿਸਨੇ ਹਰ ਤਰ੍ਹਾਂ ਨਾਲ ਅਮਰੀਕਾ ਲਈ ਸਤਿਕਾਰ ਗੁਆ ਦਿੱਤਾ ਹੈ, ਮੈਂ ਕਹਿ ਸਕਦਾ ਹਾਂ ਕਿ ਡੋਨਾਲਡ ਟਰੰਪ ਮੇਰੇ 56 ਸਾਲਾਂ ਦੇ ਜੀਵਨ ਵਿੱਚ ਸਭ ਤੋਂ ਭੈੜਾ ਰਾਸ਼ਟਰਪਤੀ ਹੈ! ਮੈਂ ਰਾਸ਼ਟਰਪਤੀ ਟਰੰਪ ਦੁਆਰਾ ਦਿਖਾਈਆਂ ਗਈਆਂ ਬਹੁਤ ਸਾਰੀਆਂ ਕਮੀਆਂ ਦੀ ਸੂਚੀ ਨਹੀਂ ਬਣਾਉਣ ਜਾ ਰਿਹਾ ਹਾਂ ਪਰ ਤੁਹਾਨੂੰ, ਇੱਕ ਅਮਰੀਕੀ ਹੋਣ ਦੇ ਨਾਤੇ, ਇਹ ਤਸਵੀਰ ਦਿਖਾਉਣ ਦੀ ਕੋਸ਼ਿਸ਼ ਕਰਾਗਾ ਜਿਸ ਤੋਂ ਤੁਸੀਂ ਬੇ-ਖ਼ਬਰ ਹੋ।

ਪਹਿਲਾਂ, ਤਾਂ ਜੋ ਤੁਸੀਂ ਦੇਖੋ ਕਿ ਮੇਰੇ ਵਿਚਾਰ ਕਿੱਥੋਂ ਆਉਂਦੇ ਹਨ, ਮੈਂ ਇੱਕ ਕੈਨੇਡੀਅਨ ਹਾਂ ਜਿਸਦੇ ਰਿਸ਼ਤੇਦਾਰ ਅਤੇ ਦੋਸਤ ਅਮਰੀਕਾ ਵਿੱਚ ਰਹਿੰਦੇ ਹਨ। ਮੇਰੇ ਦੋਸਤ ਅਤੇ ਰਿਸ਼ਤੇਦਾਰ ਗ੍ਰੇਟ ਬ੍ਰਿਟੇਨ, ਨਿਊਜ਼ੀਲੈਂਡ, ਕੀਨੀਆ ਅਤੇ ਭਾਰਤ ਵਿੱਚ ਵੀ ਰਹਿੰਦੇ ਹਨ। ਮੈਂ ਆਪਣੇ ਰਾਜਨੀਤਿਕ ਵਿਸ਼ਵਾਸਾਂ ਵਿੱਚ ਖੱਬੇ/ਕੇਂਦਰ ਵੱਲ ਝੁਕਾਅ ਰੱਖਦਾ ਹਾਂ। ਮੇਰੇ ਰਿਸ਼ਤੇਦਾਰ ਅਤੇ ਦੋਸਤ ਮਜ਼ਬੂਤ ਸੱਜੇ (ਰਿਪਬਲਿਕਨ) ਵਿਚਾਰਾਂ ਤੋਂ ਲੈ ਕੇ ਦੂਰ ਖੱਬੇ (ਡੈਮੋਕ੍ਰੇਟਿਕ) ਵਿਚਾਰਾਂ ਤੱਕ ਸਾਰੀਆਂ ਸ਼੍ਰੇਣੀਆਂ ਵਿੱਚ ਆਉਂਦੇ ਹਨ।

ਮੈਂ ਸਪੱਸ਼ਟ ਤੌਰ 'ਤੇ ਕਹਿ ਸਕਦਾ ਹਾਂ ਕਿ ਅਮਰੀਕਾ ਨੇ ਉਨ੍ਹਾਂ ਸਹਿਯੋਗੀਆਂ ਦਾ ਭਰੋਸਾ ਗੁਆ ਦਿੱਤਾ ਹੈ ਜੋ ਸੰਘਰਸ਼ ਅਤੇ ਸ਼ਾਂਤੀ ਦੌਰਾਨ ਉਨ੍ਹਾਂ ਦੇ ਨਾਲ ਖੜ੍ਹੇ ਸਨ। ਰਾਸ਼ਟਰਪਤੀ ਟਰੰਪ ਅਤੇ ਉਸਦੇ ਸੇਵਕ ਸ਼ੁਭਚਿੰਤਕ ਇਸ ਲਈ ਸਿੱਧੇ ਤੌਰ 'ਤੇ ਜ਼ਿੰਮੇਵਾਰ ਹਨ। ਉਸ ਕੋਲ ਕੋਈ ਕੂਟਨੀਤਕ ਰੁਝਾਨ ਨਹੀਂ ਹੈ ਅਤੇ ਉਸਨੇ ਬਹੁਤ ਸਾਰੇ ਵਿਸ਼ਵ ਨੇਤਾਵਾਂ ਨੂੰ ਨੀਵਾਂ ਦਿਖਾਇਆ ਹੈ। ਇਹ ਕੋਈ ਹੈਰਾਨੀ ਦੀ ਗੱਲ ਨਹੀਂ ਹੈ ਕਿ ਆਜ਼ਾਦ ਦੁਨੀਆ ਦੇ ਨੇਤਾ ਉਸਦੀ ਪਿੱਠ ਪਿੱਛੇ ਹੱਸਦੇ ਹਨ ਕਿਉਂਕਿ ਉਨ੍ਹਾਂ ਨੂੰ ਉਸ ਆਦਮੀ ਲਈ ਕੋਈ ਸਤਿਕਾਰ ਨਹੀਂ ਹੈ, ਅਤੇ ਇਹ ਅਫ਼ਸੋਸ ਦੀ ਗੱਲ ਹੈ ਕਿ ਇਹ ਸਮੁੱਚੇ ਅਮਰੀਕਾ ਬਾਰੇ ਕਿਹਾ ਜਾ ਸਕਦਾ ਹੈ ਕਿਉਂਕਿ ਜਦੋਂ ਇਹ ਮਾਮੂਲੀ ਗੱਲਾਂ ਹੋਈਆਂ ਤਾਂ ਅਮਰੀਕੀਆਂ ਵੱਲੋਂ ਬਹੁਤ ਘੱਟ ਜਾਂ ਕੋਈ ਰੌਲਾ ਨਹੀਂ ਪਿਆ।

ਇਥੋਂ ਤੱਕ ਇਕ ਪਾਸੇ ਉਹ ਕਹਿੰਦਾ ਹੈ ਕਿ ਮੋਦੀ ਮੇਰਾ ਬਹੁਤ ਚੰਗਾ ਦੋਸਤ ਹੈ, ਦੂਸਰੇ ਪਾਸੇ ਭਾਰਤ ਨੂੰ ਅੱਗੇ ਨਾ ਵਧਣ ਅਤੇ ਉਸ ਤੇ ਟੈਰਿਫਾਂ ਦੀ ਵਰਖਾ ਕਰਦਾ ਹੈ। ਇਹ ਕਿਸ ਤਰ੍ਹਾ ਦੀ ਦੋਸਤੀ?

ਉਸਨੇ ਕੈਨੇਡਾ ਦੇ ਵਿਰੁੱਧ ਐਲੂਮੀਨੀਅਮ ਅਤੇ ਸਟੀਲ 'ਤੇ ਟੈਰਿਫ ਲਗਾਉਣ ਲਈ ਸੰਯੁਕਤ ਰਾਜ ਅਮਰੀਕਾ ਦੀ ਸੁਰੱਖਿਆ ਦਾ ਇਕ ਬਹਾਨਾ ਅੱਗੇ ਲਿਆਂਦਾ। ਇਹ ਸਭ ਤੋਂ ਵੱਧ ਸੰਭਾਵਨਾ ਹੈ ਕਿ ਕੈਨੇਡਾ ਨੂੰ ਓਂਠਓ ਸਮਝੌਤਿਆਂ ਦੇ ਕਿਸੇ ਵੱਖਰੇ ਰੂਪ ਵਿੱਚ ਲਿਆਉਣ ਦੀ ਕੋਸ਼ਿਸ਼ ਕਰਨ ਲਈ ਲਗਾਏ ਗਏ ਸਨ। "ਆਰਟ ਆਫ਼ ਦ ਡੀਲ" ਦਾ ਸ਼ਾਇਦ ਕੁਝ ਸਮੇਂ ਲਈ ਦੋਵਾਂ ਦੇਸ਼ਾਂ ਦੇ ਸਬੰਧਾਂ 'ਤੇ ਪ੍ਰਭਾਵ ਪਵੇਗਾ। ਸੰਭਵ ਹੈ ਕਿ ਕੈਨੇਡੀਅਨ ਲੋਕ ਵਿਸਥਾਪਿਤ ਅਮਰੀਕੀਆਂ ਨੂੰ ਸਵੀਕਾਰ ਕਰਨ ਬਾਰੇ ਦੋ ਵਾਰ ਸੋਚਣਗੇ ਜਿਵੇਂ ਕਿ ਉਨ੍ਹਾਂ ਨੇ 9/11 'ਤੇ ਕੀਤਾ ਸੀ।

ਦੁਨੀਆ ਵਿੱਚ ਇੱਕ ਡਰ ਹੈ ਕਿ ਸ਼੍ਰੀ ਟਰੰਪ ਰਾਸ਼ਟਰਪਤੀ ਨਾ ਸਿਰਫ਼ ਅਮਰੀਕਾ ਨੂੰ ਸਗੋਂ ਦੁਨੀਆ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੇ ਹਨ ਜਿਸ ਨੂੰ ਉਹ ਅੱਜ ਤੱਕ ਸਮਝ ਨਹੀਂ ਪਾਏ। ਉਹ ਵੱਖ-ਵੱਖ ਏਜੰਸੀਆਂ ਨੂੰ ਤੋੜਦੇ ਹਨ ਅਤੇ ਉਨ੍ਹਾਂ ਸਾਰਿਆਂ ਨੂੰ ਕਮਜ਼ੋਰ ਕਰਦੇ ਹਨ? ਕੀ ਉਹ ਆਪਣੀ ਵਿੱਤੀ ਸਥਿਤੀ ਨੂੰ ਵਧਾਉਣ ਲਈ ਸਾਡੇ ਭੇਦ ਸਭ ਤੋਂ ਵੱਧ ਬੋਲੀ ਲਗਾਉਣ ਵਾਲੇ ਨੂੰ ਵੇਚ ਦੇਣਗੇ? ਕੀ ਉਹ ਇੱਕ ਘਰੇਲੂ ਯੁੱਧ ਵਿੱਚ ਫਸ ਜਾਵੇਗਾ ਜੋ ਨਿਸ਼ਚਤ ਤੌਰ 'ਤੇ ਪੂਰੀ ਦੁਨੀਆ ਨੂੰ ਪ੍ਰਭਾਵਤ ਕਰੇਗਾ?ਮੈਨੂੰ ਉਮੀਦ ਹੈ ਕਿ ਬਾਹਰੋਂ ਆਉਣ ਵਾਲੀ ਸੂਝ ਤੁਹਾਨੂੰ ਇਸ ਗੱਲ ਦਾ ਅੰਦਾਜ਼ਾ ਦੇਵੇਗੀ ਕਿ ਦੁਨੀਆ ਕੀ ਮਹਿਸੂਸ ਕਰਦੀ ਹੈ। ਮੇਰਾ ਮੰਨਣਾ ਹੈ ਕਿ ਰਾਸ਼ਟਰਪਤੀ ਟਰੰਪ ਸੰਯੁਕਤ ਰਾਜ ਅਮਰੀਕਾ ਦਾ ਹੁਣ ਤੱਕ ਦਾ ਸਭ ਤੋਂ ਘਟਿਆ ਰਾਸ਼ਟਰਪਤੀ ਹੈ!

ਬਿਨਾਂ ਕਿਸੇ ਸਵਾਲ ਦੇ। ਉਹ ਅਸਲ ਵਿੱਚ ਅਮਰੀਕੀ ਇਤਿਹਾਸ ਦਾ ਸਭ ਤੋਂ ਭੈੜਾ ਰਾਸ਼ਟਰਪਤੀ ਹੈ। ਉਸਦੇ ਬੇਅੰਤ ਝੂਠਾਂ (ਇਸ ਲਿਖਤ ਦੇ ਸਮੇਂ 12,000 ਤੋਂ ਵੱਧ) ਨੂੰ ਯਾਦ ਕਰਨ ਦੀ ਬਜਾਏ, ਉਸਦੇ ਰਾਸ਼ਟਰਪਤੀ ਬਣਨ ਦੇ ਪਹਿਲੇ ਦਿਨ ਤੋਂ ਹੀ ਤਨਖਾਹ ਧਾਰਾ ਦੀ ਉਸਦੀ ਉਲੰਘਣਾ, ਵਿਦੇਸ਼ੀ ਸਰਕਾਰਾਂ ਨੂੰ ਅਮਰੀਕੀ ਚੋਣਾਂ ਨੂੰ ਪ੍ਰਭਾਵਿਤ ਕਰਨ ਲਈ ਉਸਦੀ ਖੁੱਲ੍ਹਦਿਲੀ, ਵਾਤਾਵਰਣ ਸੁਰੱਖਿਆ ਨੂੰ ਵਾਪਸ ਲੈਣ, ਗੋਰੇ ਸਰਬੋਤਮਵਾਦੀਆਂ ਅਤੇ ਨਸਲਵਾਦੀਆਂ ਨਾਲ ਉਸਦੀ ਅਪ੍ਰਤੱਖ ਅਤੇ ਸਪੱਸ਼ਟ ਪ੍ਰੇਮ-ਭਾਵਨਾ, ਅਤੇ ਕਾਨੂੰਨੀ ਕਾਂਗਰਸ ਜਾਂਚਾਂ ਵਿੱਚ ਉਸਦੀ ਖੁੱਲ੍ਹੀ ਰੁਕਾਵਟ ਇਸ ਗੱਲ ਦੀ ਗਵਾਹੀ ਭਰਦੀ ਹੈ ਕਿ ਉਹ ਅੰਦਰੋਂ ਮੰਨ ਦਾ ਕਿੰਨਾ ਕਾਲਾ ਹੈ।

ਟਰੰਪ ਸਭ ਤੋਂ ਭੈੜੇ ਕ੍ਰਮ ਦਾ ਇੱਕ ਜ਼ਹਿਰੀਲਾ ਨਾਰਸੀਸਿਸਟ ਹੈ। ਇਸ ਵਿਨਾਸ਼ਕਾਰੀ ਗੁਣ ਨੂੰ ਡੋਨਾਲਡ ਟਰੰਪ ਦੇ ਖ਼ਤਰਨਾਕ ਕੇਸ ਵਿੱਚ ਵਿਆਪਕ ਤੌਰ 'ਤੇ ਦਰਸਾਇਆ ਗਿਆ ਹੈ, ਜੋ ਕਿ ਸਤਿਕਾਰਤ ਮਨੋਵਿਗਿਆਨੀਆਂ ਦਾ ਸੰਗ੍ਰਹਿ ਹੈ ਜਿਨ੍ਹਾਂ ਨੇ ਇਹ ਨਿਰਧਾਰਤ ਕੀਤਾ ਹੈ ਕਿ ਉਸਦੀ ਸ਼ਖਸੀਅਤ ਹਿੰਸਕ ਤਾਨਾਸ਼ਾਹੀ ਵੱਲ ਝੁਕਦੀ ਹੈ। ਮੈਂ ਫਾਸ਼ੀਵਾਦ ਦੇ 14 ਬਿੰਦੂਆਂ ਦਾ ਵੀ ਹਵਾਲਾ ਦੇਵਾਂਗਾ ਅਤੇ ਕਿਵੇਂ ਟਰੰਪ ਦੀਆਂ ਕਾਰਵਾਈਆਂ ਡਰਾਉਣੇ ਢੰਗ ਨਾਲ ਉਨ੍ਹਾਂ ਨਾਲ ਮੇਲ ਖਾਂਦੀਆਂ ਹਨ। ਟਰੰਪ ਬਿਨਾਂ ਸ਼ੱਕ ਉਸ ਦੇਸ਼ ਦਾ ਗੱਦਾਰ ਅਤੇ ਦੇਸ਼ਧ੍ਰੋਹੀ ਹੈ ਜਿਸਦੇ ਉਹ ਰਾਸ਼ਟਰਪਤੀ ਹਨ, ਆਪਣੀਆਂ ਖੁਫੀਆ ਏਜੰਸੀਆਂ ਅਤੇ ਅਮਰੀਕੀ ਵਿਦੇਸ਼ ਨੀਤੀ ਨੂੰ ਆਪਣੇ ਨਿੱਜੀ ਏਜੰਡੇ ਦੀ ਸੇਵਾ ਵਿੱਚ ਸ਼ਾਮਲ ਕਰਨ ਲਈ ਤਿਆਰ ਹੈ।

ਸਪੱਸ਼ਟ ਸ਼ਬਦਾਂ ਵਿੱਚ ਕਹੀਏ ਤਾਂ, ਟਰੰਪ ਦਾ ਕਿਰਦਾਰ ਮੇਰੇ ਆਪਣੇ ਕਿਰਦਾਰ ਦੇ ਉਲਟ ਹੈ। ਉਸਨੂੰ ਜਿੱਤਣਾ ਪਸੰਦ ਹੈ ਅਤੇ ਹਾਰਨ ਤੋਂ ਨਫ਼ਰਤ ਹੈ, ਪਰ ਉਹ ਕਦੇ ਵੀ ਸੁਧਾਰ ਕਰਨ ਦੀ ਕੋਸ਼ਿਸ਼ ਨਹੀਂ ਕਰਦਾ। ਉਹ ਧੋਖਾ ਦਿੰਦਾ ਹੈ, ਇਸ ਤਰ੍ਹਾਂ ਆਪਣੇ ਆਪ ਨੂੰ ਅਤੇ ਦੂਜਿਆਂ ਨੂੰ ਉਨ੍ਹਾਂ ਦੇ ਸਭ ਤੋਂ ਵਧੀਆ ਬਣਨ ਦੇ ਮੌਕੇ ਤੋਂ ਇਨਕਾਰ ਕਰਦਾ ਹੈ। ਟਰੰਪ ਆਪਣੇ ਵਿਰੋਧੀਆਂ ਅਤੇ ਇੱਥੋਂ ਤੱਕ ਕਿ ਸਾਬਕਾ ਸਹਿਯੋਗੀਆਂ ਅਤੇ ਦੋਸਤਾਂ ਨੂੰ ਵੀ ਨੀਵਾਂ ਦਰਸਾਉਂਦਾ ਹੈ। ਉਹ ਬੇਰਹਿਮੀ ਵਿੱਚ ਖੁਸ਼ ਹੁੰਦਾ ਹੈ ਅਤੇ ਜਦੋਂ ਇਹ ਯਕੀਨੀ ਬਣਾਉਣ ਦੀ ਗੱਲ ਆਉਂਦੀ ਹੈ ਕਿ ਇਸਦੇ ਨਕਾਰਾਤਮਕ ਨਤੀਜੇ ਨਹੀਂ ਹੋਣਗੇ ਤਾਂ ਆਲਸੀ ਹੁੰਦਾ ਹੈ।

ਜਦੋਂ ਲੋਕ ਟਰੰਪ ਤੋਂ ਹਾਰ ਜਾਂਦੇ ਹਨ, ਤਾਂ ਉਹ ਉਨ੍ਹਾਂ ਨੂੰ ਨਾਮ ਦਿੰਦਾ ਹੈ, ਪਰ ਜੇ ਉਹ ਜਿੱਤ ਜਾਂਦੇ ਹਨ, ਤਾਂ ਉਹ ਕਹਿੰਦਾ ਹੈ ਕਿ ਉਨ੍ਹਾਂ ਨੇ ਧੋਖਾ ਦਿੱਤਾ।

ਉਹ ਮਨੁੱਖਤਾ ਦੇ ਕੁਝ ਸਭ ਤੋਂ ਭੈੜੇ ਗੁਣਾਂ ਨੂੰ ਦਰਸਾਉਂਦਾ ਹੈ ਅਤੇ ਫਿਰ ਵੀ, ਉਹ ਧਰਤੀ 'ਤੇ ਸਭ ਤੋਂ ਸ਼ਕਤੀਸ਼ਾਲੀ ਰਾਸ਼ਟਰ ਦਾ ਮੁੱਖੀ ਹੈ। ਉਹ ਭੂਮਿਕਾ ਵਿੱਚ ਵੱਡਾ ਨਹੀਂ ਹੋਇਆ ਹੈ; ਉਸਨੇ ਇਸਨੂੰ ਅਪੰਗ ਕਰ ਦਿੱਤਾ ਹੈ ਅਤੇ ਇਸਨੂੰ ਆਪਣੇ ਸਭ ਤੋਂ ਭੈੜੇ ਗੁਣਾਂ ਦਾ ਵਿਸਥਾਰ ਬਣਾਇਆ ਹੈ। ਉਸਦਾ ਪ੍ਰਸ਼ਾਸਨ ਬੇਰਹਿਮੀ ਵਿੱਚ ਖੁਸ਼ ਹੁੰਦਾ ਹੈ, ਲਗਾਤਾਰ ਬੇਈਮਾਨ ਹੈ, ਲੁਟੇਰਾ ਅਤੇ ਲਾਲਚੀ ਹੈ, ਅਤੇ ਸਭ ਤੋਂ ਭੈੜੇ ਤਰੀਕਿਆਂ ਨਾਲ ਬੇਪਰਵਾਹ ਹੈ।ਪਰ, ਉਸਦੇ ਝੂਠ ਕਿੰਨੇ ਸਮੇਂ ਲਈ ਰਹਿੰਦੇ ਹਨ? ਜਿਵੇਂ ਕਿ ਤਿੰਨ ਚੀਜ਼ਾਂ ਨੂੰ ਜ਼ਿਆਦਾ ਦੇਰ ਤੱਕ ਲੁਕਾਇਆ ਨਹੀਂ ਜਾ ਸਕਦਾ: ਸੂਰਜ, ਚੰਦਰਮਾ ਅਤੇ ਸੱਚ।

ਸਾਲਾਂ ਦੇ ਝੂਠ ਬੋਲਣ ਤੋਂ ਬਾਅਦ, ਟਰੰਪ, ਜੋ ਕਿ ਨੋਬਲ ਪੁਰਸਕਾਰ ਜੇਤੂ ਹੋਣ ਦਾ ਇਰਾਦਾ ਰੱਖਦਾ ਹੈ, ਹੁਣ ਉਸ ਦੀ ਨੈਤਿਕ ਸਥਿਤੀ ਨੂੰ ਸਭ ਤੋਂ ਵੱਡਾ ਝਟਕਾ ਲੱਗਾ ਹੈ। ਬਹੁਤ ਘੱਟ ਲੋਕਾਂ ਨੇ ਕਦੇ ਉਸਦੀ ਝੂਠ ਬੋਲਣ ਦੀ ਯੋਗਤਾ 'ਤੇ ਸ਼ੱਕ ਕੀਤਾ ਸੀ ਜਾਂ, ਇਸ ਮਾਮਲੇ ਵਿੱਚ, ਉਸਦੇ ਬਦਮਾਸ਼ ਚਰਿੱਤਰ 'ਤੇ ਪਰ ਹਰ ਵਾਰ ਉਹ ਬਿਨਾਂ ਕਿਸੇ ਨੁਕਸਾਨ ਦੇ ਉਭਰਿਆ, ਦੂਜੀ ਵਾਰ ਰਾਸ਼ਟਰਪਤੀ ਚੋਣ ਜਿੱਤ ਹਾਂਸਿਲ ਕੀਤੀ। ਉਸਨੇ ਆਪਣੀ ਚੋਣ ਮੁਹਿੰਮ ਵਿੱਚ ਇਹ ਵੀ ਐਲਾਨ ਕੀਤਾ ਕਿ ਉਹ ਕਦੇ ਵੀ ਐਪਸਟਾਈਨ ਦੇ ਜਹਾਜ਼ ਜਾਂ ਉਸਦੇ 'ਮੂਰਖ' ਟਾਪੂ 'ਤੇ ਨਹੀਂ ਗਿਆ ਸੀ। ਹਾਲਾਂਕਿ, ਹੁਣ ਸੱਚਾਈ ਖੁੱਲ੍ਹ ਕੇ ਸਾਹਮਣੇ ਆ ਗਈ ਹੈ, ਉਸਦੇ ਆਪਣੇ ਨਿਆਂ ਵਿਭਾਗ ਦੁਆਰਾ ਜਾਰੀ ਕੀਤੇ ਗਏ ਦਸਤਾਵੇਜ਼ਾਂ ਦਾ ਧੰਨਵਾਦ, ਉਹਨਾਂ ਨੂੰ ਰੋਕਣ ਦੀਆਂ ਸਾਰੀਆਂ ਕੋਸ਼ਿਸ਼ਾਂ ਦੇ ਬਾਵਜੂਦ ਉਹ ਸਭ ਦੇ ਸਾਹਮਣੇ ਆ ਚੁੱਕੇ ਹਨ।


ਲਗਭਗ ਇੱਕ ਦਹਾਕੇ ਤੋਂ, ਟਰੰਪ ਉਨ੍ਹਾਂ ਘੁਟਾਲਿਆਂ ਤੋਂ ਬਚਿਆ ਹੈ ਜੋ ਕਿਸੇ ਵੀ ਸਿਆਸਤਦਾਨ ਦੇ ਕਰੀਅਰ ਨੂੰ ਕਈ ਵਾਰ ਖਤਮ ਕਰ ਦਿੰਦੇ। ਮੁਕੱਦਮੇ, ਮਹਾਂਦੋਸ਼, ਦੋਸ਼ ਅਤੇ ਬਗਾਵਤਾਂ ਨੂੰ ਜਾਂ ਤਾਂ ਮੋੜ ਦਿੱਤਾ ਗਿਆ, ਸਾਜ਼ਿਸ਼ਾਂ ਵਜੋਂ ਦੁਬਾਰਾ ਬਣਾਇਆ ਗਿਆ, ਜਾਂ ਉਸਦੇ ਰਾਜਨੀਤਿਕ ਅਧਾਰ ਲਈ ਹਥਿਆਰ ਬਣਾਇਆ ਗਿਆ। ਪਰ ਜੈਫਰੀ ਐਪਸਟਾਈਨ ਫਾਈਲਾਂ ਦਾ ਲਗਾਤਾਰ ਉਭਾਰ ਵੱਖਰਾ ਸਾਬਤ ਹੋ ਸਕਦਾ ਹੈ ਇਸ ਲਈ ਨਹੀਂ ਕਿ ਉਹ ਇੱਕ ਸਿੰਗਲ, ਨਾਟਕੀ ਦੋਸ਼ ਪ੍ਰਦਾਨ ਕਰਦੇ ਹਨ, ਸਗੋਂ ਇਸ ਲਈ ਕਿਉਂਕਿ ਉਹ ਉਸ ਨੀਂਹ ਨੂੰ ਖਰਾਬ ਕਰਦੇ ਹਨ ਜਿਸ 'ਤੇ ਟਰੰਪ ਨੇ ਆਪਣਾ ਰਾਜਨੀਤਿਕ ਵਿਅਕਤੀਤਵ ਬਣਾਇਆ ਹੈ: ਇਹ ਦਾਅਵਾ ਕਿ ਉਹ ਇਕੱਲਾ ਹੀ ਇੱਕ ਭ੍ਰਿਸ਼ਟ ਕੁਲੀਨ ਵਰਗ ਤੋਂ ਬਾਹਰ ਖੜ੍ਹਾ ਹੈ।

ਐਪਸਟਾਈਨ ਫਾਈਲਾਂ ਸਪੱਸ਼ਟ ਤੌਰ 'ਤੇ ਦਰਸਾਉਂਦੀਆਂ ਹਨ ਕਿ ਉਸਨੇ ਝੂਠ ਬੋਲਿਆ, ਐਪਸਟਾਈਨ ਨੂੰ ਕਈ ਤਰੀਕਿਆਂ ਨਾਲ ਵਰਤਿਆ, ਅਤੇ ਇਸ ਸਦੀ ਦੇ ਸਭ ਤੋਂ ਸ਼ੱਕੀ ਕਿਰਦਾਰਾਂ ਵਿੱਚੋਂ ਇੱਕ ਨਾਲ ਦੋਸਤੀ ਕੀਤੀ।ਟਰੰਪ ਨੇ ਆਪਣੇ ਆਪ ਨੂੰ ਏਆਈ ਫੈਬਰੇਸ਼ਨ, ਡੈਮੋਕ੍ਰੇਟਿਕ ਸਾਬੋਤਾਜ ਅਤੇ ਮੀਡੀਆ ਦੁਰਭਾਵਨਾ ਦਾ ਸ਼ਿਕਾਰ ਵਜੋਂ ਦਰਸਾਇਆ। ਇਹ ਇੱਕ ਚਿੱਟਾ ਝੂਠ ਸੀ ਜੋ ਹੁਣ ਪੂਰੀ ਤਰ੍ਹਾਂ ਬੇਨਕਾਬ ਹੋ ਗਿਆ ਹੈ। ਨਿਆਂ ਵਿਭਾਗ ਦੁਆਰਾ ਜਾਰੀ ਕੀਤੇ ਗਏ ਦਸਤਾਵੇਜ਼ ਫਲਾਈਟ ਲੌਗ, ਈਮੇਲ, ਅੰਦਰੂਨੀ ਵਕੀਲ ਮੁਲਾਂਕਣ ਉਸਦਾ ਨਾਮ ਸੌ ਤੋਂ ਵੱਧ ਵਾਰ ਦਿਖਾਈ ਦਿੰਦੇ ਹਨ, ਅਤੇ ਪੁਸ਼ਟੀ ਕਰਦੇ ਹਨ ਕਿ ਸੰਘੀ ਵਕੀਲਾਂ ਨੇ ਇਹ ਸਿੱਟਾ ਕੱਢਿਆ ਸੀ ਕਿ ਉਹ ਐਪਸਟਾਈਨ ਦੇ ਨਿੱਜੀ ਜੈੱਟ 'ਤੇ ਪਹਿਲਾਂ ਸਵੀਕਾਰ ਕੀਤੇ ਗਏ ਨਾਲੋਂ ਕਿਤੇ ਜ਼ਿਆਦਾ ਵਾਰ ਯਾਤਰੀ ਸੀ।

ਇਹ ਸੱਚ ਹੈ ਕਿ ਨਾਮ ਦਾ ਪ੍ਰਗਟ ਹੋਣਾ ਕਾਨੂੰਨੀ ਤੌਰ 'ਤੇ ਦੋਸ਼ੀ ਜਾਂ ਗਲਤ ਕੰਮ ਕਰਨ ਦੇ ਬਰਾਬਰ ਨਹੀਂ ਹੈ, ਪਰ ਰਾਜਨੀਤਿਕ ਤੌਰ 'ਤੇ, ਇਹ ਮੌਤ ਦੀ ਸਜ਼ਾ ਹੈ। ਫਾਈਲਾਂ ਸੁਝਾਅ ਦਿੰਦੀਆਂ ਹਨ ਕਿ ਟਰੰਪ ਦਾ ਐਪਸਟਾਈਨ ਨਾਲ ਸਬੰਧ ਸਾਲਾਂ ਤੋਂ ਸੰਘੀ ਕਾਨੂੰਨ ਲਾਗੂ ਕਰਨ ਵਾਲਿਆਂ ਲਈ ਨਿਰੰਤਰ ਹਿੱਤ ਦਾ ਸੀ। ਟਰੰਪ ਦੇ ਆਪਣੇ ਸਮਰਥਕਾਂ ਦੀ ਪ੍ਰਤੀਕਿਰਿਆ ਅਜੇ ਵੀ ਵਧੇਰੇ ਨੁਕਸਾਨਦੇਹ ਹੈ। ਸਾਲਾਂ ਤੋਂ, ਓਘਓ ਅਧਾਰ ਦੇ ਵੱਡੇ ਹਿੱਸੇ ਇਹ ਮੰਨਦੇ ਰਹੇ ਹਨ ਕਿ ਐਪਸਟਾਈਨ ਸੰਸਥਾਵਾਂ ਦੁਆਰਾ ਸੁਰੱਖਿਅਤ ਇੱਕ ਪਰਛਾਵੇਂ, ਸ਼ਿਕਾਰੀ ਕੁਲੀਨ ਵਰਗ ਦਾ ਪ੍ਰਤੀਕ ਸੀ।ਟਰੰਪ ਨੇ ਆਪਣੇ ਆਪ ਨੂੰ ਉਸ ਆਦਮੀ ਵਜੋਂ ਪੇਸ਼ ਕੀਤਾ ਜੋ ਉਸ ਜੁਰਮ ਦਾ ਪਰਦਾਫਾਸ਼ ਕਰੇਗਾ। ਹੁਣ, ਜਿਵੇਂ ਕਿ ਉਸਦਾ ਨਾਮ ਉਨ੍ਹਾਂ ਫਾਈਲਾਂ 'ਤੇ ਹਾਵੀ ਹੈ ਜਿਨ੍ਹਾਂ ਨੂੰ ਉਹ ਦਬਾਉਣ ਦੀ ਕੋਸ਼ਿਸ਼ ਕਰ ਰਿਹਾ ਸੀ, ਉਹ ਨੈਤਿਕ ਇਮਾਰਤ ਢਹਿ ਜਾਂਦੀ ਹੈ। ਸਦਮਾ ਉਨ੍ਹਾਂ ਵਫ਼ਾਦਾਰਾਂ ਵਿੱਚ ਦਿਖਾਈ ਦੇ ਰਿਹਾ ਹੈ ਜੋ ਅੰਨ੍ਹੇ, ਉਲਝਣ ਅਤੇ ਧੋਖਾ ਮਹਿਸੂਸ ਕਰਦੇ ਹਨ। ਸੰਸਥਾਗਤ ਤੌਰ 'ਤੇ, ਮਸਲਾਂ ਗੰਭੀਰ ਤੇ ਤੇਜ਼ ਹੋ ਰਿਹਾ ਹੈ। ਇੱਕ ਦੁਰਲੱਭ ਦੋ-ਪੱਖੀ ਗੱਠਜੋੜ ਸੁਤੰਤਰ ਰਿਪਬਲਿਕਨਾਂ ਨੂੰ ਪ੍ਰਗਤੀਸ਼ੀਲ ਡੈਮੋਕਰੇਟਸ ਤੱਕ ਫੈਲਾਉਣਾ ਸੰਮਨ ਅਤੇ ਅਪਮਾਨ ਦੇ ਮਤਿਆਂ ਨੂੰ ਅੱਗੇ ਵਧਾ ਰਿਹਾ ਹੈ।ਟਰੰਪ ਲਈ ਨਿੱਜੀ ਤੌਰ 'ਤੇ, ਅੱਗੇ ਦਾ ਰਸਤਾ ਤੰਗ ਹੁੰਦਾ ਜਾ ਰਿਹਾ ਹੈ। ਨੋਬਲ ਦਾ ਸੁਪਨਾ ਦੂਰ ਦਿਖਾਈ ਦਿੰਦਾ ਹੈ। ਉਹ ਰਾਸ਼ਟਰਪਤੀ ਰਹਿ ਸਕਦਾ ਹੈ, ਪਰ ਕਰਿਸ਼ਮਾ ਅਤੇ ਡਰਾਉਣ-ਧਮਕਾਉਣ ਦੁਆਰਾ ਸ਼ਾਸਨ ਕਰਨ ਦੀ ਉਸਦੀ ਸਮਰੱਥਾ ਘੱਟ ਜਾਵੇਗੀ। ਨੈਤਿਕਤਾ, ਕਾਨੂੰਨ ਅਤੇ ਵਿਵਸਥਾ, ਜਾਂ ਕੁਲੀਨ ਭ੍ਰਿਸ਼ਟਾਚਾਰ ਲਈ ਭਵਿੱਖ ਦੀ ਹਰ ਅਪੀਲ ਨੂੰ ਇੱਕ ਹੀ ਸਵਾਲ ਦਾ ਸਾਹਮਣਾ ਕਰਨਾ ਪਵੇਗਾ: ਤੁਸੀਂ ਐਪਸਟਾਈਨ ਬਾਰੇ ਝੂਠ ਕਿਉਂ ਬੋਲਿਆ ਹੈ?




ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307


Pal Films
Production
RED PRO 5.0
RED
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ।
Sonu (209) 595-8596 Goutam (209) 494-9404
430 W Grant Line Rd Tracy, CA 95376

# ਧਰਮ ਦੇ ਠੇਕੇਦਾਰੋ?

ਵੱਡੀ ਗਿਣਤੀ ਵਿੱਚ ਸਰੂਪ ਹੋਏ ਚੋਰੀ ,
ਪਤਾ ਲੱਗੇ ਨਾ ਕਿਸ ਦਾ ਹੱਥ ਮੀਆਂ।
ਪਤਾ ਕਰੋ ਕਹਿਣ,ਸਰੂਪ ਗਏ ਕਿੱਥੇ,
ਲਾ ਧਰਨੇ ਘੇਰੇ ਲੋਕਾਂ ਪੱਥ ਮੀਆਂ।
ਸਿਟ ਬਣਾਈ ਜਿਹੜੀ ਹਾਕਮਾਂ ਨੇ,
ਕਰ ਰਹੀ ਉਹ ਕੱਠੇ ਤੱਥ ਮੀਆਂ।
ਜਾਵੇ ਨਿੱਤਰ ਦੁੱਧ ਦਾ ਦੁੱਧ ਪਾਣੀ,
ਬੰਦ ਹੋਵੇ ਲੋਕਾਂ ਦੀ ਕੱਥ ਮੀਆਂ।
ਸਭ ਤੋਂ ਸ੍ਰੇਸ਼ਟ ਗੁਰੂ ਸਾਹਬ ਸਾਡੇ,
ਪਾਪ ਜਾਣੇ ਕਿਵੇਂ ਇਹ ਲੱਥ ਮੀਆਂ।
ਕਿੰਨੇ ਸਾਲਾਂ ਤੋਂ ਇਹ ਸੀ ਮੰਗ ਵੱਡੀ,
ਗੱਲ ਗੋਲ਼ੀ ਨਾ ਕਿਸੇ ਵੀ ਸੱਥ ਮੀਆਂ।
ਹੋਵੇ ਕੋਈ ਜੋ ਦੋਸ਼ੀ ਜਾਵੇ ਪਾਇਆ,
ਸਜ਼ਾ ਮਿਲੇ ਮਿਸਾਲੀ ਅਕੱਥ ਮੀਆਂ।
ਪੰਜਾਬ ਵੱਸਦਾ ਗੁਰਾਂ ਦੇ ਨਾਂ 'ਪੱਤੋ',
ਸਚਾਈ ਆਉਂਣੀ ਕਾਨੂੰਨ ਮੱਥ ਮੀਆਂ।



SANJHI SOCH
ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

# ਗੀਤ

ਚੜ੍ਹਦੇ ਸੂਰਜ ਦਾ ਸਿਰਨਾਵਾਂ ਲੈ ਕੇ ਆਵੇ ਲੋਹੜੀ
ਨਿਰਧਨ ਧੀ ਦੇ ਹੱਥ ਵਿਚ ਪਦਵੀ ਫੇਰ ਕਹਾਵੇ ਲੋਹੜੀ।
ਚੜ੍ਹਦੇ ਸੂਰਜ ਦਾ ਸਿਰਨਾਵਾਂ ਲੈ ਕੇ ਆਵੇ ਲੋਹੜੀ।
ਸੁੱਖ ਸਮਰਿਧੀ ਆਨੰਦ ਅਵਸਥਾ ਸ਼ੁੱਭ ਸੰਕਲਪ ਬਣੇ।
ਵਾਸਤਵਿਕ ਨਿਰਮਿਤ ਪੁਰਸ਼ਾਰਥ ਦੇ ਬੱਦਲ ਬਣਨ ਘਣੇ।
ਨਵਯੁਗ ਦੇ ਵਿਚ ਸਤੁੰਲਿਤ ਇੱਛਾ ਨੂੰ ਦਰਸਾਵੇ ਲੋਹੜੀ।
ਚੜ੍ਹਦੇ ਸੂਰਜ ਦਾ ਸਿਰਨਾਵਾਂ ਲੈ ਕੇ ਆਵੇ ਲੋਹੜੀ।
ਧੀਆਂ ਦੇ ਲਈ ਦੁੱਲਾ-ਭੱਟੀ ਦੀ ਨਾ ਕੋਈ ਲੋੜ ਪਵੇ।
ਪਰਮਪਿਤਾ ਦੀ ਸੁਖਦ ਕਮਾਈ ਦੀ ਨਾ ਕੋਈ ਥੋੜ੍ਹ ਹੋਵੇ।
ਵਿਹੜੇ ਦੇ ਵਿਚ ਰਿਸ਼ੀਆਂ-ਮੁਨੀਆਂ ਵਾਂਗੂੰ ਹੈ ਸਮਝਾਵੇ ਲੋਹੜੀ।
ਚੜ੍ਹਦੇ ਸੂਰਜ ਦਾ ਸਿਰਨਾਵਾਂ ਲੈ ਕੇ ਆਵੇ ਲੋਹੜੀ।
ਮਾਘ ਮਹੀਨੇ ਦੀ ਪਹਿਲੀ ਸੰਗਰਾਂਦ ਸੁਹਾਣੀ ਹੁੰਦੀ।
ਫਸਲਾਂ ਦੀ ਖੁਸ਼ਹਾਲੀ ਉਪਰ ਖੂਬ ਜਵਾਨੀ ਹੁੰਦੀ।
ਮਾਘ ਦੀ ਪਹਿਲੀ ਰਾਤੇ ਮੌਸਮ ਫੇਰ ਸਜਾਵੇ ਲੋਹੜੀ।
ਚੜ੍ਹਦੇ ਸੂਰਜ ਦਾ ਸਿਰਨਾਵਾਂ ਲੈ ਕੇ ਆਵੇ ਲੋਹੜੀ।
ਪਰਿਵਾਰਾਂ ਅੰਦਰ ਅਰਧਾਗਨੀ ਇੱਕ ਧੁਰੀ ਹੈ ਨਾਰੀ।
ਜਿਸ ਦੇ ਕਾਰਣ ਸੁੰਦਰ ਲਗਦੀ ਇਹ ਸਰਿਸ਼ਟੀ ਸਾਰੀ।
ਮਾਤਰ ਭੂਮੀ ਵਿਚ ਆਤਮ ਵਿਸ਼ਵਾਸ ਬਣਾਵੇ ਲੋਹੜੀ।
ਚੜ੍ਹਦੇ ਸੂਰਜ ਦਾ ਸਿਰਨਾਵਾਂ ਲੈ ਕੇ ਆਵੇ ਲੋਹੜੀ।
ਨਵਯੁਗ ਵਿਚ ਵਿਗਿਆਨ ਸਿਖਾਏ ਨਵਜੀਵਨ ਵਿਚ ਜੀਣਾ।
ਸ਼ੁਧਤਾ ਬੁਧਤਾ ਨੇਕ ਅਦਾਵਾਂ ਮਿਹਨਤ ਵਿੱਚ ਪਸੀਨਾ।
ਇੱਕ ਅਲੌਕਿਕ ਸ਼ੋਭਾ ਅੰਦਰ ਗੀਤ ਸੁਣਾਵੇ ਲੋਹੜੀ।
ਚੜ੍ਹਦੇ ਸੂਰਜ ਦਾ ਸਿਰਨਾਵਾਂ ਲੈ ਕੇ ਆਵੇ ਲੋਹੜੀ।
ਰਿਉੜੀ, ਗੱਚਕ, ਗੰਨੇ ਦਾ ਰਸ, ਸਾਗ ਸਰੋਂ ਦਾ ਮੱਖਣ।
ਤੰਦੂਰੀ ਰੋਟੀ ਮਾਂਹ ਦੀ ਦਾਲ ਸਵਾਦਾਂ ਦੇ ਨਾਲ ਚੱਖਣ।
ਵਿਚ ਵਿਦੇਸ਼ਾਂ ਸੱਜਣਾਂ ਨੂੰ ਰੀਝਾਂ ਨਾਲ ਬੁਲਾਵੇ ਲੋਹੜੀ।
ਚੜ੍ਹਦੇ ਸੂਰਜ ਦਾ ਸਿਰਨਾਵਾਂ ਲੈ ਕੇ ਆਵੇ ਲੋਹੜੀ।
ਖਰਚੀਲੇ ਆਯੋਜਨ ਛੱਡ ਕੇ ਸ਼ੁੱਧ ਤਿਉਹਾਰ ਮਨਾਈਏ।
ਅਮ੍ਰਿਤ ਮਹਾਂ ਉਤਸਵ ਦੇ ਨਾਲ ਬਾਲਮ ਕਰਮ ਕਮਾਈਏ।
ਭਾਰਤ ਮਾਂ ਦੀ ਪ੍ਰਤਿਭਾ-ਪ੍ਰਤਿਸ਼ਠਾ ਸਾਂਝ ਵਧਾਵੇ ਲੋਹੜੀ।
ਚੜ੍ਹਦੇ ਸੂਰਜ ਦਾ ਸਿਰਨਾਵਾਂ ਲੈ ਕੇ ਆਵੇ ਲੋਹੜੀ।



SANJHI SOCH
ਬਲਵਿੰਦਰ ਬਾਲਮ
ਉਂਕਾਰ ਨਗਰ
ਗੁਰਦਾਸਪੁਰ (ਪੰਜਾਬ)
98156-25409





SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ ਚਾਹਵਾਨ ਇੱਕ ਵਾਰ ਸਾਨੂੰ ਜਰੂਰ ਮਿਲੋ
COMMERCIAL and RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential & Commercial
(317) 513-9456
jsamra@jassamra.com
www.jassamra.com
8555 N. River Rd. Suite 200 Indianapolis, IN 46240
Real Estate Lic Number Each Office Independently Owned And Operated